ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 23 ਜੁਲਾਈ 2024 (ਨਾਨਕਸ਼ਾਹੀ ਸੰਮਤ : ੫੫੬, ੮ ਸਾਵਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਸਰਕਾਰੀ ਹਸਪਤਾਲ ਦਾ ਵੇਖੋ ਹਾਲ, ਟਾਰਚਾਂ ਨਾਲ ਡਾਕਟਰ ਕਰ ਰਹੇ ਇਲਾਜ

**ਪਟਿਆਲਾ, 22 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਸਿਹਤ ਮਹਿਕਮੇ ਵਿੱਚ ਸੁਧਾਰ ਦੇ ਵੱਡੇ-ਵੱਡੇ ਦਾਅਵੇ ਕਰ ਰਹੀ ਹੈ ਪਰ ਪਟਿਆਲਾ ਦੇ ਸਰਕਾਰੀ ਹਸਪਤਾਲ ਰਜਿੰਦਰਾ ਦੀ ਹਾਲਤ ਤਰਸਯੋਗ ਬਣੀ ਹੋਈ ਹੈ। ਹਸਪਤਾਲ ਵਿੱਚ ਦੇਰ ਰਾਤ ਬਿਜਲੀ ਗੁੱਲ ਹੋਣ ਕਾਰਨ ਮਰੀਜ਼ਾਂ ਵਿੱਚ ਹਫੜਾ-ਦਫੜੀ ਮੱਚ ਗਈ। ਗਰਮੀ ਤੋਂ ਪੀੜਤ ਮਰੀਜ਼ਾਂ ਦੇ ਰਿਸ਼ਤੇਦਾਰ ਪੱਖੇ ਝੱਲਦੇ ਦੇਖੇ ਗਏ। ਇਸ ਦੌਰਾਨ ਮਰੀਜ਼ਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ। ਹਾਸਲ ਜਾਣਕਾਰੀ ਮੁਤਾਬਕ ਡਾਕਟਰਾਂ ਨੇ ਟਾਰਚ ਦੀ ਮਦਦ ਨਾਲ ਇਲਾਜ ਕੀਤਾ। ਨਾਰਾਜ਼ ਮਰੀਜ਼ਾਂ ਦੇ ਰਿਸ਼ਤੇਦਾਰਾਂ ਨੇ ਐਮਰਜੈਂਸੀ ਦੇ ਬਾਹਰ ਧਰਨਾ ਵੀ ਦਿੱਤਾ। ਇੱਕ ਵੀਡੀਓ ਵੀ ਸਾਹਮਣੇ ਆਈ ਹੈ ਜਿਸ ਵਿੱਚ ਡਾਕਟਰ ਟਾਰਚ ਦੀ ਮਦਦ ਨਾਲ ਮਰੀਜ਼ ਦਾ ਇਲਾਜ ਕਰ ਰਹੇ ਹਨ। ਉਧਰ, ਵੀਡੀਓ ਵਾਇਰਲ ਹੋਰ ਮਗਰੋਂ ਸਿਹਤ ਮੰਤਰੀ ਹਰਕਤ ਵਿੱਚ ਆ ਗਏ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਮਰੀਜ਼ਾਂ ਦੇ ਰਿਸ਼ਤੇਦਾਰਾਂ ਨੇ ਦੱਸਿਆ ਕਿ ਇੱਥੇ ਕਰੀਬ 2 ਘੰਟੇ ਬਿਜਲੀ ਗੁੱਲ ਰਹਿੰਦੀ ਹੈ। ਪ੍ਰਸ਼ਾਸਨ ਵੱਲੋਂ ਇੱਥੇ ਕੋਈ ਪ੍ਰਬੰਧ ਨਹੀਂ ਕੀਤੇ ਗਏ। ਮਰੀਜ਼ਾਂ ਨੂੰ ਜਨਰੇਟਰ ਦੀ ਸਹੂਲਤ ਵੀ ਨਹੀਂ ਦਿੱਤੀ ਜਾ ਰਹੀ। ਇੱਕ ਮਰੀਜ਼ ਨੇ ਦੋਸ਼ ਲਾਇਆ ਹੈ ਕਿ ਡਾਕਟਰ ਨੇ ਉਸ ਦੇ ਪਿਤਾ ਦੀ ਜਾਂਚ ਕਰਵਾਉਣ ਲਈ ਲਿਖਿਆ ਸੀ। ਇਸ ਤੋਂ ਬਾਅਦ ਪਰਿਵਾਰਕ ਮੈਂਬਰਾਂ ਦਾ ਦੋਸ਼ ਹੈ ਕਿ ਜਦੋਂ ਉਨ੍ਹਾਂ ਨੇ ਪੁੱਛਿਆ ਕਿ ਟੈਸਟ ਕਿੱਥੇ ਕਰਵਾਉਣਾ ਹੈ ਤਾਂ ਡਾਕਟਰ ਨੇ ਮਰੀਜ਼ ਨੂੰ ਕਿਤੇ ਹੋਰ ਲਿਜਾਣ ਲਈ ਕਿਹਾ। ਮਰੀਜ਼ਾਂ ਨੇ ਦੋਸ਼ ਲਾਇਆ ਹੈ ਕਿ ਇੱਕ ਵਾਰਡ ਵਿੱਚ ਲਾਈਟ ਹੈ ਜਦੋਂਕਿ ਦੋ ਵਾਰਡਾਂ ਵਿੱਚ ਲਾਈਟ ਨਹੀਂ ਹੈ।

### ਸ਼ੰਭੂ ਸਰਹੱਦ ਖੋਲ੍ਹਣ ਸਬੰਧੀ ਸੁਪਰੀਮ ਕੋਰਟ 'ਚ ਹੋਈ ਸੁਣਵਾਈ

# ਹਰਿਆਣਾ ਸਰਕਾਰ ਨੇ ਮੰਗਿਆ ਸਮਾਂ, 24 ਤੱਕ ਟਲੀ ਸੁਣਵਾਈ

**ਚੰਡੀਗੜ੍ਹ, 22 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਰਕਾਰ ਨੇ ਸ਼ੰਭੂ ਸਰਹੱਦ ਤੋਂ ਬੈਰੀਕੇਡ ਹਟਾਉਣ ਦੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਹੁਕਮਾਂ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦਿੱਤੀ ਹੈ। ਸਰਕਾਰ ਦੀ ਪਟੀਸ਼ਨ 'ਤੇ ਅੱਜ ਸੁਪਰੀਮ ਕੋਰਟ 'ਚ ਸੁਣਵਾਈ ਹੋਈ। ਇਸ ਦੌਰਾਨ ਸਰਕਾਰ ਨੇ ਅਦਾਲਤ ਵਿੱਚ ਆਪਣਾ ਪੱਖ ਪੇਸ਼ ਕਰਨ ਲਈ ਸਮਾਂ ਮੰਗਿਆ ਹੈ। ਇਸ ਤੋਂ ਬਾਅਦ ਅਦਾਲਤ ਨੇ ਸੁਣਵਾਈ 24 ਤਰੀਕ ਤੱਕ ਮੁਲਤਵੀ ਕਰ ਦਿੱਤੀ ਹੈ। ਦੱਸ ਦਈਏ ਕਿ ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਉਜਲ ਦੀ ਡਿਵੀਜ਼ਨ ਬੈਂਚ ਨੇ ਸੁਪਰੀਮ ਕੋਰਟ ਵਿੱਚ ਇਸ ਮਾਮਲੇ ਦੀ ਸੁਣਵਾਈ ਕੀਤੀ। ਇਸ ਤੋਂ ਪਹਿਲਾਂ ਵੀ ਸੁਪਰੀਮ ਕੋਰਟ ਨੇ ਹਰਿਆਣਾ ਸਰਕਾਰ ਨੂੰ ਬਾਰਡਰ ਬੰਦ ਕਰਨ ਨੂੰ ਲੈ ਕੇ ਫਟਕਾਰ ਲਗਾਈ ਹੈ। ਇਸ ਮੌਕੇ ਪਟੀਸ਼ਨਕਰ ਦੇ ਵਕੀਲ ਨੇ



ਕਿਹਾ ਕਿ ਬਹਿਸ ਦੌਰਾਨ ਉਹ ਕੌਮੀ ਮਾਰਗ ਜਾਮ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਦਿਸ਼ਾ-ਨਿਰਦੇਸ਼ਾਂ ਦੀ ਮੰਗ ਵੀ ਕਰਨਗੇ। ਉਨ੍ਹਾਂ ਨੇ ਕਿਹਾ ਕਿ ਉਮੀਦ ਹੈ ਕਿ ਸੁਪਰੀਮ ਕੋਰਟ ਹਰਿਆਣਾ ਸਰਕਾਰ ਵੱਲੋਂ ਚੁਣੌਤੀ ਦਿੱਤੇ ਗਏ ਹਾਈ ਕੋਰਟ ਦੇ ਹੁਕਮਾਂ ਨੂੰ ਮਨਜ਼ੂਰੀ ਦੇ ਕੇ ਸ਼ੰਭੂ ਬਾਰਡਰ ਖੋਲ੍ਹਣ ਦਾ ਹੁਕਮ ਦੇਵੇਗੀ। ਜ਼ਿਕਰ ਕਰ ਦਈਏ ਕਿ 10 ਜੁਲਾਈ ਨੂੰ ਹਾਈਕੋਰਟ ਨੇ ਹਰਿਆਣਾ ਸਰਕਾਰ ਨੂੰ ਕਿਹਾ ਸੀ ਕਿ ਉਹ ਇੱਕ ਹਫ਼ਤੇ ਦੇ ਅੰਦਰ ਬਾਰਡਰ ਤੋਂ ਬੈਰੀਕੇਡ ਹਟਾਵੇ ਤਾਂ ਜੋ ਲੋਕਾਂ ਨੂੰ ਆਉਣ-ਜਾਣ ਵਿੱਚ ਕੋਈ ਦਿੱਕਤ ਨਾ ਆਵੇ। ਹਾਈਕੋਰਟ ਨੇ ਇਹ ਆਦੇਸ਼ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ ਦਿੱਤਾ ਸੀ। ਉਨ੍ਹਾਂ ਹਰਿਆਣਾ ਸਰਕਾਰ ਵੱਲੋਂ ਹਾਈ ਕੋਰਟ ਦੇ ਹੁਕਮਾਂ ਨੂੰ ਸੁਪਰੀਮ ਕੋਰਟ ਵਿੱਚ ਚੁਣੌਤੀ ਦੇਣ ਨੂੰ ਮੰਦਭਾਗਾ ਕਰਾਰ ਦਿੱਤਾ। ਹਾਈਕੋਰਟ ਨੇ ਕਿਹਾ ਕਿ ਹਰਿਆਣਾ ਸਰਕਾਰ ਨੂੰ ਅਜਿਹਾ ਨਹੀਂ ਕਰਨਾ ਚਾਹੀਦਾ ਸੀ ਕਿਉਂਕਿ ਸ਼ੰਭੂ ਬਾਰਡਰ ਬੰਦ ਹੋਣ ਕਾਰਨ ਆਮ ਲੋਕਾਂ ਨੂੰ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਯਾਦ ਕਰਵਾ ਦਈਏ ਕਿ ਪੰਜਾਬ ਦੇ ਕਿਸਾਨ ਫਰਵਰੀ 2024 ਤੋਂ ਫਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਨੂੰ ਲੈ ਕੇ ਸੰਘਰਸ਼ ਕਰ ਰਹੇ ਹਨ। ਅਜਿਹੇ 'ਚ ਸੁਰੱਖਿਆ ਨੂੰ ਧਿਆਨ 'ਚ ਰੱਖਦੇ ਹੋਏ ਹਰਿਆਣਾ ਸਰਕਾਰ ਨੇ ਬੈਰੀਕੇਡ ਲਗਾ ਕੇ ਹਰਿਆਣਾ ਤੇ ਪੰਜਾਬ ਦੀ ਸ਼ੰਭੂ ਸਰਹੱਦ ਨੂੰ ਬੰਦ ਕਰ ਦਿੱਤਾ ਸੀ। ਕਿਸਾਨਾਂ ਨੇ ਪੰਜਾਬ ਵੱਲ ਸਰਹੱਦ 'ਤੇ ਪੱਕਾ ਮੋਰਚਾ ਬਣਾ ਲਿਆ। ਅਜਿਹੇ 'ਚ ਉਥੋਂ ਆਵਾਜਾਈ ਬੰਦ ਹੈ। ਇਸ ਕਾਰਨ ਅੰਬਾਲਾ ਦੇ ਵਪਾਰੀਆਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

## ਅੰਮ੍ਰਿਤਪਾਲ ਸਿੰਘ ਦੀਆਂ ਵੱਧ ਸਕਦੀਆਂ ਨੇ ਮੁਸ਼ਕਿਲਾਂ, MP ਮੈਂਬਰਸ਼ਿਪ ਰੱਦ ਕਰਨ ਦੀ ਮੰਗ

**ਜਲੰਧਰ, 22 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੀ ਚੋਣ ਨੂੰ ਆਜ਼ਾਦ ਉਮੀਦਵਾਰ ਵਿਕਰਮਜੀਤ ਸਿੰਘ ਨੇ ਪੰਜਾਬ ਹਰਿਆਣਾ ਹਾਈਕੋਰਟ 'ਚ ਚੁਣੌਤੀ ਦਿੱਤੀ ਹੈ। ਵਿਕਰਮਜੀਤ ਸਿੰਘ ਨੇ ਆਪਣੀ ਪਟੀਸ਼ਨ 5 ਗੱਲਾਂ 'ਤੇ ਆਧਾਰਿਤ ਕੀਤੀ ਹੈ। ਵਿਕਰਮਜੀਤ ਸਿੰਘ ਵੱਲੋਂ ਦੋਸ਼ ਲਗਾਇਆ ਗਿਆ ਹੈ ਕਿ ਵਾਰਿਸ ਪੰਜਾਬ ਜਥੇਬੰਦੀ ਦੇ ਮੁਖੀ ਅਤੇ ਖਡੂਰ ਸਾਹਿਬ ਤੋਂ ਆਜ਼ਾਦ ਚੋਣ ਜਿੱਤੇ ਅੰਮ੍ਰਿਤਪਾਲ ਸਿੰਘ ਦੇ ਨਾਮਜ਼ਦਗੀ ਦਸਤਾਵੇਜ਼ਾਂ ਵਿੱਚ ਕਈ ਜਾਣਕਾਰੀਆਂ ਛੁਪਾਈਆਂ ਗਈਆਂ ਹਨ। ਵਿਕਰਮਜੀਤ ਸਿੰਘ ਨੇ ਦਾਅਵਾ ਕੀਤਾ ਹੈ ਕਿ ਅੰਮ੍ਰਿਤਪਾਲ ਸਿੰਘ ਦਾ ਨਾਮਜ਼ਦਗੀ ਪੱਤਰ ਅਧੂਰਾ ਹੈ। ਫੰਡਾਂ, ਦਾਨ ਅਤੇ ਖ਼ਰਚੇ ਬਾਰੇ ਜਾਣਕਾਰੀ ਛੁਪੀ ਹੋਈ ਸੀ। ਵੋਟਾਂ ਮੰਗਣ ਲਈ ਧਾਰਮਿਕ ਸਥਾਨਾਂ ਦੀ ਵਰਤੋਂ ਕੀਤੀ ਗਈ। ਬਿਨਾਂ ਪ੍ਰਵਾਨਗੀ ਤੋਂ ਚੋਣ ਪ੍ਰਚਾਰ ਸਮੱਗਰੀ ਛਾਪੀ ਗਈ। ਚੋਣ ਕਮਿਸ਼ਨ ਦੀ ਇਜਾਜ਼ਤ ਲਏ ਬਿਨਾਂ ਸੋਸ਼ਲ ਮੀਡੀਆ 'ਤੇ ਪ੍ਰਚਾਰ ਕੀਤਾ ਗਿਆ। ਅਜਿਹੇ 'ਚ ਵਿਕਰਮਜੀਤ ਸਿੰਘ ਨੇ ਚੋਣ ਕਮਿਸ਼ਨ ਨੂੰ ਵੀ ਪਾਰਟੀ ਬਣਾਇਆ ਹੈ। ਪਟੀਸ਼ਨ 'ਤੇ ਸੁਣਵਾਈ 6 ਅਗਸਤ ਤੋਂ ਸ਼ੁਰੂ ਹੋਵੇਗੀ। ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ, ਪੰਜਾਬ ਚੋਣ ਕਮਿਸ਼ਨ ਦੇ ਚੋਣ ਖ਼ਰਚਾ ਅਫ਼ਸਰ, ਮੁੱਖ ਚੋਣ ਅਫ਼ਸਰ, ਖਡੂਰ ਸਾਹਿਬ ਲੋਕ ਸਭਾ ਖੇਤਰ ਦੇ ਰਿਟਰਨਿੰਗ ਅਫ਼ਸਰ ਨੂੰ ਪਾਰਟੀ ਬਣਾਇਆ ਗਿਆ ਹੈ।

### 1975 'ਚ ਰੱਦ ਹੋਈ ਸੀ ਇੰਦਰਾ ਗਾਂਧੀ ਦੀ ਚੋਣ

ਲੋਕ ਪ੍ਰਤੀਨਿਧੀ ਕਾਨੂੰਨ ਤਹਿਤ ਲੋਕ ਸਭਾ ਚੋਣਾਂ ਤੋਂ ਬਾਅਦ 45 ਦਿਨਾਂ ਦੇ ਅੰਦਰ ਲੋਕ ਨੁਮਾਇੰਦੇ ਦੀ ਚੋਣ ਨੂੰ ਚੁਣੌਤੀ ਦਿੱਤੀ ਜਾ ਸਕਦੀ ਹੈ। ਇਹ ਪਟੀਸ਼ਨ 1975 ਦੀ ਘਟਨਾ ਰਾਹੀਂ ਯਾਦ ਕੀਤੀ ਜਾਂਦੀ ਹੈ। 1971 ਵਿੱਚ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਯੂ. ਪੀ. ਦੀ ਰਾਏਬਰੇਲੀ ਸੀਟ ਤੋਂ ਸੰਸਦ ਮੈਂਬਰ ਚੁਣੀ ਗਈ ਸੀ। ਫਿਰ ਰਾਜਨਰਾਇਣ ਸਿੰਘ ਨੇ ਉਨ੍ਹਾਂ ਦੀ ਚੋਣ ਨੂੰ ਚੁਣੌਤੀ ਦਿੱਤੀ। ਇਲਾਹਾਬਾਦ ਹਾਈਕੋਰਟ ਨੇ ਆਪਣੇ ਫ਼ੈਸਲੇ ਵਿੱਚ ਇੰਦਰਾ ਗਾਂਧੀ ਦੀ ਚੋਣ ਰੱਦ ਕਰ ਦਿੱਤੀ ਸੀ।

## ਬੀਬੀ ਜਗੀਰ ਕੌਰ ਦਾ ਵੱਡਾ ਬਿਆਨ, ਗਵਾਹ ਕਲੇਰ ਨੇ ਬੇਅਦਬੀ ਦੇ ਮਾਮਲੇ 'ਚ 'ਸੌਦਾ ਸਾਧ' ਤੇ ਹਨੀਪ੍ਰੀਤ ਨੂੰ ਦੱਸਿਆ ਸੀ ਦੋਸ਼ੀ



**ਜਲੰਧਰ, 22 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਬਾਗੀ ਧੜੇ ਦੀ ਸੀਨੀਅਰ ਆਗੂ ਬੀਬੀ ਜਗੀਰ ਕੌਰ ਅਤੇ ਨਕੋਦਰ ਤੋਂ ਸਾਬਕਾ ਵਿਧਾਇਕ ਰਹੇ ਗੁਰ ਪ੍ਰਤਾਪ ਸਿੰਘ ਵਡਾਲਾ ਵੱਲੋਂ ਅੱਜ ਜਲੰਧਰ ਵਿਚ ਪ੍ਰੈੱਸ ਕਾਨਫ਼ਰੰਸ ਕੀਤੀ ਗਈ। ਇਸ ਦੌਰਾਨ ਉਨ੍ਹਾਂ ਵੱਲੋਂ ਬੇਅਦਬੀ ਦੇ ਮੁੱਦੇ 'ਤੇ ਪੰਜਾਬ ਸਰਕਾਰ ਨੂੰ ਘੇਰਿਆ ਗਿਆ। ਉਨ੍ਹਾਂ ਕਿਹਾ ਕਿ ਸੂਬੇ ਵਿਚ ਬੇਅਦਬੀ ਦੇ ਦੋਸ਼ੀਆਂ 'ਤੇ ਕਾਰਵਾਈ ਕਰਨ ਦਾ ਕਹਿ ਕੇ ਸੱਤਾ ਵਿਚ ਆਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਦੋਸ਼ੀਆਂ ਖ਼ਿਲਾਫ਼ ਕੋਈ ਕਾਰਵਾਈ ਨਹੀਂ ਕੀਤੀ। ਰਾਮ ਰਹੀਮ ਅਤੇ ਹਨੀਪ੍ਰੀਤ ਦੋਵੇਂ ਬੇਅਦਬੀ ਦੇ ਕੇਸ ਵਿਚ ਸ਼ਾਮਲ ਸਨ, ਇਹ ਬਿਆਨ ਮੁੱਖ ਗਵਾਹ ਪ੍ਰਦੀਪ ਕਲੇਰ ਵੱਲੋਂ ਕੋਰਟ ਵਿਚ ਦਰਜ ਕਰਵਾਏ ਗਏ ਸਨ ਪਰ ਫਿਰ ਵੀ ਕੋਈ ਕਾਰਵਾਈ ਨਹੀਂ ਕੀਤੀ ਗਈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਬੇਅਦਬੀ ਦੇ ਜਿੰਨੇ ਵੀ ਕੇਸ ਹੋਏ ਹਨ, ਉਸ 'ਤੇ ਅਸੀਂ ਜਾਂਚ ਕਰਾਵਾਂਗੇ। ਸੀ. ਆਈ. ਟੀ. ਹੈੱਡ ਨੇ ਵੀ ਇਸ ਗੱਲ ਨੂੰ ਮੰਨਿਆ ਹੈ ਕਿ ਉਕਤ ਬੇਅਦਬੀ ਦਾ ਕਾਰਨ ਕੀ ਹੈ। ਇਸ ਗੱਲ ਨੂੰ ਦੋ ਸਾਲ ਹੋ ਗਏ ਹਨ ਪਰ 'ਆਪ' ਸਰਕਾਰ ਨੇ ਕੁਝ ਨਹੀਂ ਕੀਤਾ। 'ਆਪ' ਨੇ ਪਹਿਲੇ ਮਹੀਨੇ ਵਿਚ ਹੀ ਮਾਮਲੇ ਨੂੰ ਸੁਲਝਾਉਣ ਦਾ ਦਾਅਵਾ ਕੀਤਾ ਸੀ ਪਰ ਅਜਿਹਾ ਕੁਝ ਨਹੀਂ ਹੋਇਆ। ਬੇਅਦਬੀ ਦੇ ਸਾਰੇ ਕੇਸਾਂ ਵਿਚ ਸਿਰਫ਼ ਐੱਫ਼. ਆਈ. ਆਰ. ਦਰਜ ਕੀਤੀ ਗਈ ਪਰ ਉਸ ਦੀ ਪੈਰਵੀ ਨਹੀਂ ਕੀਤੀ ਗਈ। ਪ੍ਰਦੀਪ ਕਲੇਰ ਕੇਸ ਵਿਚ ਮੁੱਖ ਗਵਾਹ ਸੀ। ਪ੍ਰਦੀਪ ਕਲੇਰ ਨੇ ਰਾਮ ਰਹੀਮ ਅਤੇ ਹਨੀਪ੍ਰੀਤ ਸਮੇਤ ਕਈ ਲੋਕਾਂ ਦਾ ਨਾਂ ਲਿਆ ਸੀ। ਕਲੇਰ ਨੇ ਪੁਲਸ ਨੂੰ ਦਿੱਤੇ ਗਏ 164 ਦੇ ਬਿਆਨਾਂ ਵਿਚ ਇਹ ਗੱਲ ਕਬੂਲੀ ਹੈ। ਬੀਬੀ ਜਗੀਰ ਕੌਰ ਨੇ ਕਿਹਾ ਕਿ ਹਨੀਪ੍ਰੀਤ ਅਤੇ ਬਾਬਾ ਰਾਮ ਰਹੀਮ ਖ਼ੁਦ ਸ਼ਾਮਲ ਹਨ ਪਰ ਪੰਜਾਬ ਸਰਕਾਰ ਨੇ ਕੋਈ ਧਿਆਨ ਨਹੀਂ ਦਿੱਤਾ। ਜੇਕਰ ਅਕਾਲੀ ਦਲ ਨੇ ਗਲਤ ਕੀਤਾ ਤਾਂ ਅੱਜ ਅਕਾਲੀ ਦਲ ਦਾ ਹਾਲ ਵੇਖ ਸਕਦੇ ਹੋ ਕਿ ਅਕਾਲੀ ਦਲ ਪਾਰਟੀ ਕਿੱਥੇ ਖੜ੍ਹੀ ਹੈ। ਉਨ੍ਹਾਂ ਵੱਲੋਂ ਪੰਜਾਬ ਸਰਕਾਰ ਤੋਂ ਬੇਅਦਬੀ ਦੇ ਦੋਸ਼ੀਆਂ ਵਿਰੁੱਧ ਕਾਰਵਾਈ ਕਰਨ ਦੀ ਮੰਗ ਕੀਤੀ ਗਈ।

## ਖਾਲਿਸਤਾਨੀ ਸਮਰਥਕ ਬਣਾਉਣਗੇ ਪੰਜਾਬ 'ਚ ਨਵੀਂ ਸਿਆਸੀ ਪਾਰਟੀ, ਅੰਮ੍ਰਿਤਪਾਲ ਸਿੰਘ ਕਰਨਗੇ ਅਗਵਾਈ

### ਸਰਬਜੀਤ ਖਾਲਸਾ ਦਾ ਵੱਡਾ ਐਲਾਨ

**ਫਰੀਦਕੋਟ, 22 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਫਰੀਦਕੋਟ ਤੋਂ ਆਜ਼ਾਦ ਚੋਣ ਜਿੱਤ ਕੇ ਸੰਸਦ ਮੈਂਬਰ



ਬਣੇ ਸਰਬਜੀਤ ਸਿੰਘ ਖਾਲਸਾ ਜਲਦ ਹੀ ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨਾਲ ਮਿਲ ਕੇ ਸਿਆਸੀ ਪਾਰਟੀ ਬਣਾਉਣਗੇ। ਉਹ ਇਸ ਪਾਰਟੀ ਦਾ ਐਲਾਨ ਅੰਮ੍ਰਿਤਪਾਲ ਦੇ ਜੇਲ੍ਹ ਤੋਂ ਬਾਹਰ ਆਉਣ 'ਤੇ ਕਰਨਗੇ।



ਸਰਬਜੀਤ ਸਿੰਘ ਖਾਲਸਾ ਨੇ ਇਹ ਦਾਅਵਾ ਇਕ ਪ੍ਰੋਗਰਾਮ ਵਿਚ ਜਨ ਸਭਾ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਦਾਅਵਾ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਵਿੱਚ ਮੰਤਰੀ ਰਹੇ ਕਈ ਆਗੂ ਅਤੇ ਸਾਫ਼ ਅਕਸ ਵਾਲੇ ਲੋਕ ਉਨ੍ਹਾਂ ਦੇ ਸੰਪਰਕ ਵਿੱਚ ਹਨ। ਉਨ੍ਹਾਂ ਨੇ ਕਿਹਾ ਹੈ ਕਿ ਤੁਸੀਂ ਪਾਰਟੀ ਬਣਾ ਲਓ, ਅਸੀਂ ਤੁਹਾਡੇ ਨਾਲ ਜਾਣ ਲਈ ਤਿਆਰ ਹਾਂ। ਉਨ੍ਹਾਂ ਲੋਕਾਂ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਚੋਣਾਂ ਲਈ ਤਿਆਰ ਰਹਿਣ ਅਤੇ ਵੱਧ ਤੋਂ ਵੱਧ ਵੋਟਾਂ ਪਾਉਣ ਦਾ ਸੱਦਾ ਦਿੱਤਾ। ਸਰਬਜੀਤ ਸਿੰਘ ਖਾਲਸਾ ਨੇ ਕਿਹਾ ਕਿ ਜਦੋਂ ਅੰਮ੍ਰਿਤਪਾਲ ਸਿੰਘ ਜੇਲ ਤੋਂ ਬਾਹਰ ਆਵੇਗਾ ਤਾਂ ਅਸੀਂ ਸਾਰੇ ਮਿਲ ਕੇ ਪਾਰਟੀ ਬਣਾਵਾਂਗੇ। ਅੰਮ੍ਰਿਤਪਾਲ ਸਿੰਘ ਦੀ ਇੱਛਾ ਅਨੁਸਾਰ ਲੋਕਾਂ ਨੂੰ ਪਾਰਟੀ ਮੈਂਬਰ ਬਣਾਇਆ ਜਾਵੇਗਾ, ਪਾਰਟੀ ਉਨ੍ਹਾਂ ਦੀ ਸਲਾਹ 'ਤੇ ਚੱਲੇਗੀ। ਉਸ ਨੇ ਆਪਣੇ ਪੈਰੋਕਾਰਾਂ ਨੂੰ ਸਲਾਹ ਦਿੱਤੀ ਕਿ ਜੇਕਰ ਅਸੀਂ ਹੁਣ ਤੋਂ ਹੀ ਆਪਸ ਵਿਚ ਲੜਨ ਲੱਗ ਪਏ ਤਾਂ ਪੰਥ ਲਈ ਚੰਗਾ ਨਹੀਂ ਹੋਵੇਗਾ। 35 ਸਾਲਾਂ ਬਾਅਦ ਭਾਈਚਾਰੇ ਨੇ ਸਾਨੂੰ ਇਹ ਮੌਕਾ ਦਿੱਤਾ ਹੈ। ਅਜਿਹੀ ਸਥਿਤੀ ਵਿੱਚ ਸਾਨੂੰ ਇੱਕ ਦੂਜੇ ਨਾਲ ਉਲਝਣਾ ਨਹੀਂ ਚਾਹੀਦਾ। ਸਰਬਜੀਤ ਸਿੰਘ ਨੇ ਕਿਹਾ ਕਿ ਜਾਂ ਤਾਂ ਅੰਮ੍ਰਿਤਪਾਲ ਸਿੰਘ ਮੈਨੂੰ ਪਾਰਟੀ ਬਣਾਉਣ ਲਈ ਕਹੇ ਅਤੇ ਜਦੋਂ ਉਹ ਜੇਲ੍ਹ ਤੋਂ ਬਾਹਰ ਆਵੇਗਾ ਤਾਂ ਅਸੀਂ ਇਕੱਠੇ ਚੱਲਾਂਗੇ। ਅਜਿਹੇ 'ਚ ਉਹ ਇਕੱਲੇ ਹੀ ਪਾਰਟੀ ਬਣਾਉਣ ਦਾ ਫੈਸਲਾ ਕਰ ਸਕਦੇ ਹਨ ਜਾਂ ਅੰਮ੍ਰਿਤਪਾਲ ਦੇ ਪਿਤਾ ਤਰਸੇਮ ਸਿੰਘ ਨੂੰ ਪਾਰਟੀ ਬਣਾਉਣ ਲਈ ਕਹਿ ਸਕਦੇ ਹਨ। ਉਹ ਇਕੱਲੇ ਪਾਰਟੀ ਨਹੀਂ ਬਣਾਉਣਗੇ। ਉਨ੍ਹਾਂ ਲੋਕਾਂ ਨੂੰ ਇਹ ਵੀ ਕਿਹਾ ਕਿ ਸਾਨੂੰ ਮਿਲ ਕੇ ਅੱਗੇ ਵਧਣਾ ਹੈ। ਜਦੋਂ ਅਸੀਂ ਪਾਰਟੀ ਬਣਾਉਂਦੇ ਹਾਂ, ਅਸੀਂ ਸਾਰਿਆਂ ਨੂੰ ਸੱਦਾ ਦੇਵਾਂਗੇ। ਇਹ ਲੋਕਾਂ 'ਤੇ ਨਿਰਭਰ ਕਰੇਗਾ ਕਿ ਉਹ ਆਉਂਦੇ ਹਨ ਜਾਂ ਨਹੀਂ।

## ਕਿਸਾਨਾਂ 'ਤੇ ਗੱਡੀ ਚੜ੍ਹਾਉਣ ਦੇ ਕੇਸ 'ਚ ਸਾਬਕਾ ਕੇਂਦਰੀ ਮੰਤਰੀ ਦੇ ਬੇਟੇ ਨੂੰ ਮਿਲੀ ਜਮਾਨਤ

**ਨਵੀਂ ਦਿੱਲੀ, 22 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਲਖੀਮਪੁਰ ਖੀਰੀ ਹਿੰਸਾ ਮਾਮਲੇ 'ਚ ਜੇਲ੍ਹ ਅੰਦਰ ਬੰਦ ਸਾਬਕਾ ਕੇਂਦਰੀ ਮੰਤਰੀ ਅਜੇ ਮਿਸ਼ਰਾ ਦੇ ਬੇਟੇ ਆਸ਼ੀਸ਼ ਮਿਸ਼ਰਾ ਨੂੰ ਜ਼ਮਾਨਤ ਮਿਲ ਗਈ ਹੈ। ਹਾਲਾਂਕਿ, ਸੁਪਰੀਮ ਕੋਰਟ ਨੇ ਹੇਠਲੀ ਅਦਾਲਤ ਨੂੰ ਲਖੀਮਪੁਰ ਖੀਰੀ ਹਿੰਸਾ ਮਾਮਲੇ ਦੀ ਸੁਣਵਾਈ ਤੇਜ਼ ਕਰਨ ਤੇ ਸਮਾਂ ਤੈਅ ਕਰਨ ਦੇ ਨਿਰਦੇਸ਼ ਦਿੱਤੇ ਹਨ। ਦੱਸ ਦਈਏ ਕਿ ਅਕਤੂਬਰ 2021 ਵਿੱਚ ਲਖੀਮਪੁਰ ਖੀਰੀ ਦੇ ਤਿਕੁਨੀਆ ਵਿੱਚ ਜਦੋਂ ਕਿਸਾਨ ਯੂਪੀ ਦੇ ਉਪ ਮੁੱਖ ਮੰਤਰੀ ਕੇਸ਼ਵ ਪ੍ਰਸਾਦ ਮੌਰਿਆ ਦੇ ਦੌਰੇ ਦਾ ਵਿਰੋਧ ਕਰ ਰਹੇ ਸਨ ਤਾਂ ਉਨ੍ਹਾਂ ਉਪਰ ਗੱਡੀ ਚੜ੍ਹਾ ਦਿੱਤੀ ਗਈ ਸੀ। ਇਸ



ਵਿੱਚ 8 ਲੋਕਾਂ ਦੀ ਮੌਤ ਹੋ ਗਈ ਸੀ। ਯੂਪੀ ਪੁਲਿਸ ਦੀ ਐਫਆਈਆਰ ਅਨੁਸਾਰ, ਚਾਰ ਕਿਸਾਨਾਂ ਨੂੰ ਇੱਕ ਐਸਯੂਵੀ ਨੇ ਕੁਚਲ ਦਿੱਤਾ ਜਿਸ ਵਿੱਚ ਆਸ਼ੀਸ਼ ਮਿਸ਼ਰਾ ਬੈਠੇ ਸਨ। ਇਸ ਤੋਂ ਪਹਿਲਾਂ ਪਿਛਲੇ ਸਾਲ 25 ਜਨਵਰੀ ਨੂੰ ਸੁਪਰੀਮ ਕੋਰਟ ਨੇ ਆਸ਼ੀਸ਼ ਮਿਸ਼ਰਾ ਨੂੰ ਅੰਤਰਿਮ ਜ਼ਮਾਨਤ ਦਿੱਤੀ ਸੀ। ਆਸ਼ੀਸ਼ ਨੂੰ ਤਿੰਨ ਖੇਤੀ ਕਾਨੂੰਨਾਂ ਖਿਲਾਫ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨਾਂ ਦੌਰਾਨ ਹੋਈ ਹਿੰਸਾ ਤੋਂ ਛੇ ਦਿਨ ਬਾਅਦ 9 ਅਕਤੂਬਰ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਯੂਪੀ ਪੁਲਿਸ ਦੀ ਐਫਆਈਆਰ ਅਨੁਸਾਰ ਚਾਰ ਕਿਸਾਨਾਂ ਨੂੰ ਇੱਕ ਐਸਯੂਵੀ ਨੇ ਕੁਚਲ ਦਿੱਤਾ ਜਿਸ ਵਿੱਚ ਆਸ਼ੀਸ਼ ਮਿਸ਼ਰਾ ਬੈਠਾ ਸੀ। ਇਸ ਤੋਂ ਬਾਅਦ ਗੁੱਸੇ 'ਚ ਆਏ ਕਿਸਾਨਾਂ ਨੇ SUV ਚਲਾ ਰਹੇ ਵਿਅਕਤੀ ਤੇ ਭਾਜਪਾ ਦੇ ਦੋ ਵਰਕਰਾਂ ਨੂੰ ਕਥਿਤ ਤੌਰ 'ਤੇ ਕੁੱਟ-ਕੁੱਟ ਕੇ ਮਾਰ ਦਿੱਤਾ। ਐਫਆਈਆਰ ਵਿੱਚ ਕਿਹਾ ਗਿਆ ਹੈ ਕਿ ਹਿੰਸਾ ਵਿੱਚ ਇੱਕ ਪੱਤਰਕਾਰ ਦੀ ਵੀ ਮੌਤ ਹੋ ਗਈ। ਪਿਛਲੇ ਸਾਲ ਜਨਵਰੀ 'ਚ ਸੁਪਰੀਮ ਕੋਰਟ ਨੇ ਮਿਸ਼ਰਾ ਨੂੰ ਅੰਤਰਿਮ ਜ਼ਮਾਨਤ ਦਿੰਦੇ ਹੋਏ ਕਈ ਸ਼ਰਤਾਂ ਲਾਈਆਂ ਸਨ। ਅਦਾਲਤ ਨੇ ਹੁਕਮ ਦਿੱਤਾ ਸੀ ਕਿ ਆਸ਼ੀਸ਼ ਮਿਸ਼ਰਾ ਨੂੰ ਰਿਹਾਈ ਦੇ ਇੱਕ ਹਫ਼ਤੇ ਦੇ ਅੰਦਰ ਉੱਤਰ ਪ੍ਰਦੇਸ਼ (ਯੂਪੀ) ਛੱਡਣਾ ਹੋਵੇਗਾ। ਉਹ ਯੂਪੀ ਜਾਂ ਦਿੱਲੀ/ਐਨਸੀਆਰ ਵਿੱਚ ਨਹੀਂ ਰਹਿ ਸਕਦਾ। ਉਸ ਨੂੰ ਆਪਣੇ ਟਿਕਾਣੇ ਬਾਰੇ ਅਦਾਲਤ ਨੂੰ ਜਾਣਕਾਰੀ ਦੇਣੀ ਪਵੇਗੀ ਤੇ ਉਸ ਦੇ ਪਰਿਵਾਰਕ ਮੈਂਬਰਾਂ ਜਾਂ ਮਿਸ਼ਰਾ ਵੱਲੋਂ ਗਵਾਹਾਂ ਨੂੰ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰਨ ਦੇ ਨਤੀਜੇ ਵਜੋਂ ਉਸ ਦੀ ਜ਼ਮਾਨਤ ਰੱਦ ਹੋ ਜਾਵੇਗੀ। ਅਦਾਲਤ ਨੇ ਕਿਹਾ ਸੀ ਕਿ ਮਿਸ਼ਰਾ ਨੂੰ ਆਪਣਾ ਪਾਸਪੋਰਟ ਸਪੁਰਦ ਕਰਨਾ ਹੋਵੇਗਾ। ਉਹ ਕੇਸ ਦੀ ਕਾਰਵਾਈ ਵਿੱਚ ਸ਼ਾਮਲ ਹੋਣ ਤੋਂ ਇਲਾਵਾ ਯੂਪੀ ਵਿੱਚ ਦਾਖਲ ਨਹੀਂ ਹੋਵੇਗਾ।

# Nankana Sahib Yatra Committe Uk



## pakistan gurdwara yatra

**6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK


- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ ਪਿੰਡ ਰੋਡੇ 2.6.1947 Birth Pind Rode

ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar


www.damdamitaksal.net

Physical death i do not fear death of conscience is a sure death

Sant Jarnail Singh Ji Khalsa Bhindranwale

www.damdamitaksal.net






ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor

***Raghbir Singh Walsal***

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243





ਭਾਈ ਰਘਵੀਰ ਸਿੰਘ ਵਾਲਸਾਲ ਯੂ.ਕੇ. ਮੁੱਖ ਸੰਪਾਦਕ

Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 HOURS SERVICE EVERYDAY

PURE AND NATURAL 100% VEGETARIAN

Enjoy Real Taste of PUNJAB

KD

FULLY A.C. HALL

# Khehra VAISHNO DHABA

BREAKFAST LUNCH DINNER

**OUR SPECIALIZATION :** Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian

Jalandhar-Amritsar G.T. Road

NEAR JANDIALA GURU

Contact

98610-00057, 99152-32757





We Accept Online & Card Payment



## ਪੰਜਾਬੀ ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ — Love Maa Boli Punjabi

ੳ ਅ ੲ ਸ ਹ

ਕ ਖ ਗ ਘ ਙ

ਚ ਛ ਜ ਝ ਞ

ਟ ਠ ਡ ਢ ਣ

ਤ ਥ ਦ ਧ ਨ

ਪ ਫ ਬ ਭ ਮ

ਯ ਰ ਲ ਵ ੜ

ਸ਼ ਖ਼ ਗ਼ ਜ਼ ਫ਼ ਲ਼

ਮੁਕਤਾ, ਕੰਨਾ, ਸਿਹਾਰੀ, ਬਿਹਾਰੀ, ਔਂਕੜ, ਦੁਲੈਂਕੜ, ਲਾਂ, ਦੁਲਾਵਾਂ, ਹੋੜਾ, ਕਨੌੜਾ, ਟਿੱਪੀ, ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

Learn Speak Read Write PUNJABI



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਏ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com

E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07751-28621





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**




# ਮਿਸ਼ਨ ਹਰਿਆਵਲ ਸੁਸ਼ਾਂਤ-2 ਤਹਿਤ ਵੱਡੀ ਗਿਣਤੀ ਵਿੱਚ ਪੌਦੇ ਲਗਾਏ ਗਏ





**ਬਠਿੰਡਾ/ ਤਲਵੰਡੀ ਸਾਬੋ, 22 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਵਾਤਾਵਰਣ ਨੂੰ ਹਰਿਆ ਭਰਿਆ ਬਣਾਉਣ ਲਈ ਰੈਜੀਡੈਂਟਸ ਸੁਸ਼ਾਂਤ ਸਿਟੀ- 2 ਵੈਲਫੇਅਰ ਸੁਸਾਇਟੀ ਦੇ ਯਤਨਾਂ ਨਾਲ ਕਲੋਨੀ ਮੈਨੇਜਮੈਂਟ ਦੇ ਸਹਿਯੋਗ ਨਾਲ ਚਲਾਈ ਜਾ ਰਹੀ 'ਮਿਸ਼ਨ ਹਰਿਆਵਲ ਸੁਸ਼ਾਂਤ- 2' ਲਹਿਰ ਤਹਿਤ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਵੱਡੀ ਮਾਤਰਾ ਵਿੱਚ ਪੌਦੇ ਲਾਏ ਗਏ। ਰੈਜੀਡੈਂਟਸ ਸੁਸ਼ਾਂਤ ਸਿਟੀ- 2 ਵੈਲਫੇਅਰ ਸੁਸਾਇਟੀ (ਰਜਿ.157) ਦੇ ਪ੍ਰਧਾਨ ਨਿਰਮਲ ਸਿੰਘ ਮਾਨ ਨੇ ਦੱਸਿਆ ਲਗਭਗ 130 ਏਕੜ ਵਿੱਚ ਫੈਲੀ ਇਸ ਕਲੋਨੀ ਨੂੰ ਚਾਰ ਜੋਨਾਂ ਵਿੱਚ ਵੰਡ ਕੇ ਲਗਭਗ 1100 ਪੌਦੇ ਲਗਾਏ ਗਏ ਹਨ। ਪੌਦਿਆਂ ਦੀ ਸੰਭਾਲ ਲਈ ਹਰ ਜੋਨ ਵਿੱਚ ਕਲੋਨੀ ਵਾਸੀਆਂ ਵਿੱਚੋਂ ਦੋ ਦੋ ਜੋਨ ਇੰਚਾਰਜ ਲਗਾਏ ਗਏ ਜੋ ਪੌਦਿਆਂ ਦੇ ਪ੍ਰਫੁਲਿਤ ਹੋਣ ਤੱਕ ਨਜਰਸ਼ਾਨੀ ਰੱਖਣਗੇ। ਉਨਾਂ ਦੱਸਿਆ ਕਿ ਕਲੋਨੀ ਵਿੱਚ ਹਰ ਕਿਸਮ ਦੇ ਪੌਦੇ ਜਿਵੇਂ ਛਾਂਦਾਰ, ਫਲਦਾਰ, ਫੁੱਲਦਾਰ ਅਤੇ ਦਵਾਈਆਂ ਵਾਲੇ ਪੌਦੇ ਲਗਾਏ ਗਏ ਹਨ। ਇਸ ਮੁਹਿੰਮ ਵਿੱਚ ਕਲੋਨੀ ਮੈਨੇਜਮੈਂਟ ਅਤੇ ਸਮੂਹ ਕਲੋਨੀ ਵਾਸੀਆਂ ਦਾ ਬਹੁਤ ਵੱਡਾ ਸਹਿਯੋਗ ਮਿਲ ਰਿਹਾ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV

### ਬਾਬਾ ਜਵੰਦ ਸਿੰਘ ਜੀ ਭੰਗਵਾਂ ਵਾਲਿਆਂ ਦੇ ਜਨਮ ਦਿਹਾੜੇ ਨੂੰ ਸਮਰਪਿਤ

# ਸਲਾਨਾ ਜੋੜ ਮੇਲਾ ਮਨਾਇਆ ਗਿਆ




**ਜੰਡਿਆਲਾ ਗੁਰੂ, 21 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਬਾਬਾ ਜਵੰਦ ਸਿੰਘ ਜੀ ਦਾ ਜਨਮ ਦਿਹਾੜਾ ਗੁਰਦੁਆਰਾ ਬਾਬਾ ਜਵੰਦ ਸਿੰਘ ਸਾਹਿਬ ਜੀ ਪਿੰਡ ਭੰਗਵਾਂ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਅਤੇ ਪਿਆਰ ਨਾਲ ਮਨਾਇਆ ਗਿਆ ਬਾਬਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸਾਹਿਬ ਜੀ ਵਿਖੇ ਮਿਤੀ 18 ਜਲਾਈ 3 ਸਾਵਣ ਦਿਨ ਵੀਰਵਾਰ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਆਰੰਭ ਕੀਤੇ ਗਏ ਅਤੇ 20 ਜੁਲਾਈ 5 ਸਵਾਣ ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਭੋਗ ਤੋਂ ਉਪਰੰਤ ਗੁਰਦੁਆਰਾ ਸਾਹਿਬ ਜੀ ਦੇ ਦੀਵਾਨ ਹਾਲ ਵਿੱਚ ਧਾਰਮਿਕ ਦੀਵਾਨ ਸਜਾਏ ਗਏ ਜਿਸ ਵਿਚ ਗੁਰੂ ਘਰ ਦੇ ਕੀਰਤਨੀਏ ਕਵੀਸ਼ਰ ਅਤੇ ਢਾਡੀ ਜੱਥਿਆਂ ਵੱਲੋਂ ਗੁਰ ਇਤਿਹਾਸ ਸਬੰਧੀ ਢਾਡੀ ਵਾਰਾਂ ਗਾ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਾ ਕੀਤਾ ਇਸ ਮੌਕੇ ਤੇ ਗੁਰਦੁਆਰਾ ਸਾਹਿਬ ਜੀ ਦੇ ਪ੍ਰਧਾਨ ਭਾਈ ਅਮਰੀਕ ਸਿੰਘ ਵੱਲੋਂ ਆਈਆਂ ਹੋਈਆਂ ਸੰਗਤਾਂ ਨੂੰ ਬਾਬਾ ਜਵੰਦ ਸਿੰਘ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੰਦਿਆਂ ਹੋਇਆਂ ਸਮੂਹ ਸੰਗਤਾਂ ਨੂੰ ਜੀ ਆਇਆਂ ਨੂੰ ਆਖਿਆ ਇਸ ਮੌਕੇ ਤੇ ਮਾਰਕਿਟ ਕਮੇਟੀ ਗਹਿਰੀ ਮੰਡੀ ਦੇ ਚੇਅਰਮੈਨ ਸੂਬੇਦਾਰ ਛਨਾਖ ਸਿੰਘ, ਮੁੱਖ ਸੇਵਾਦਾਰ ਅਮਰੀਕ ਸਿੰਘ, ਬਲਵਿੰਦਰ ਸਿੰਘ, ਐਡਵੋਕੇਟ ਮਨਦੀਪ ਸਿੰਘ ਭੰਗਵਾਂ, ਕਿਸਾਨ ਸੰਘਰਸ਼ ਕਮੇਟੀ ਕੋਟ ਬੁੱਢਾ ਦੇ ਪ੍ਰਧਾਨ ਜਥੇਦਾਰ ਬਲਵੰਤ ਸਿੰਘ ਪੰਡੋਰੀ, ਦਰਸ਼ਨ ਸਿੰਘ ਜਾਣੀਆਂ, ਪ੍ਰਗਟ ਸਿੰਘ ਘਣਗਸ ਜੰਡਿਆਲਾ ਗੁਰੂ, ਬਲਕਾਰ ਸਿੰਘ, ਬਲਬੀਰ ਸਿੰਘ, ਮਹਿੰਦਰਪਾਲ ਸਿੰਘ, ਗੁਰਦੀਪ ਸਿੰਘ, ਲਵਪ੍ਰੀਤ ਸਿੰਘ, ਬਲਰਾਜ ਸਿੰਘ, ਸਕਤੱਰ ਕਿਰਪਾਲ ਸਿੰਘ, ਗੁਰਜੰਟ ਸਿੰਘ, ਗੁਰਵੰਤ ਸਿੰਘ, ਗੁਰਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਕਾਲਾ, ਗੱਬਰ ਹਲਵਾਈ ਹਰਮਨਜੀਤ ਸਿੰਘ, ਨਵਦੀਪ ਸਿੰਘ ਆਦਿ ਭਾਰੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਹੋਰ ਸੇਵਾਦਾਰਾਂ ਵੱਲੋਂ ਸੰਗਤਾਂ ਦੀਆਂ ਸੇਵਾਵਾਂ ਕਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਇਸ ਮੌਕੇ ਤੇ ਬਾਬਾ ਜਵੰਦ ਸਿੰਘ ਜੀ ਦੇ ਜਨਮ ਦਿਹਾੜੇ ਦੀ ਖੁਸ਼ੀ ਵਿੱਚ ਪਿੰਡ ਭੰਗਵਾਂ ਦੀ ਸੰਗਤਾਂ ਵੱਲੋਂ ਕੇਕ ਕੱਟਿਆ, ਗਿਆ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ ਅਤੇ ਆਈਸਕ੍ਰੀਮ, ਚਾਹ ਪਕੋੜੇ, ਲੱਸੀ, ਮਾਲਪੂੜੇ ਖੀਰ, ਫਰੂਟ, ਠੰਡੇ ਅਤੇ ਹੋਰ ਵੀ ਵੱਖ ਵੱਖ ਪ੍ਰਕਾਰ ਦੇ ਲੰਗਰ ਲਗਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

### ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ

# ਸ਼ੇਰੋਂ ਸਮੇਤ ਹੋਰ ਪਿੰਡਾਂ ਵਿੱਚ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਸੁਨਾਮ ਉਧਮ ਸਿੰਘ ਵਾਲਾ ( ਰਣਜੀਤ ਸਿੰਘ ਪੇਧਨੀ )**-ਵਿਧਾਨ ਸਭਾ ਹਲਕਾ ਸੁਨਾਮ ਉਧਮ ਸਿੰਘ ਵਾਲਾ ਦੇ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਵਿਕਾਸ ਪ੍ਰੋਜੈਕਟਾਂ ਨੂੰ ਜੋਸ਼ੋ ਖਰੋਸ਼ ਨਾਲ ਲਾਗੂ ਕੀਤਾ ਜਾ ਰਿਹਾ ਹੈ ਅਤੇ ਇਹ ਸਾਰੇ ਵਿਕਾਸ ਪ੍ਰੋਜੈਕਟ ਲੋਕਾਂ ਦੀਆਂ ਜਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਤਿਆਰ ਕੀਤੇ ਗਏ ਹਨ ਜਿਨਾਂ ਦਾ ਇੱਥੇ ਵੱਸਦੇ ਨਾਗਰਿਕਾਂ ਨੂੰ ਵੱਧ ਤੋਂ ਵੱਧ ਲਾਭ ਹੋ ਸਕੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸ਼ੇਰੋਂ ਦੇ ਡੇਰਾ ਬਾਬਾ ਗੋਦੜੀ ਵਾਲਾ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਦਿਆਂ ਕੀਤਾ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਉਹ ਵਿਧਾਨ ਸਭਾ ਹਲਕਾ ਸੁਨਾਮ ਦਾ ਕਾਇਆ ਕਰਨ ਦੇ ਲਈ ਪਹਿਲੇ ਦਿਨ ਤੋਂ ਹੀ ਸਰਗਰਮ ਹਨ ਅਤੇ ਲੜੀਵਾਰ ਢੰਗ ਨਾਲ ਲੋਕਾਂ ਤੋਂ ਫੀਡਬੈਕ ਲੈਂਦੇ ਹੋਏ ਹਰ ਜਰੂਰਤ ਨੂੰ ਪੂਰਾ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਕਿ 1.54 ਕਰੋੜ ਰੁਪਏ ਦੀ ਲਾਗਤ ਨਾਲ ਹਲਕੇ ਦੇ 29 ਪਿੰਡਾਂ ਵਿੱਚ 50 ਦੇ ਕਰੀਬ ਵਿਕਾਸ ਕੰਮ ਆਰੰਭ ਹੋਏ ਹਨ ਜਿਨਾਂ ਵਿੱਚ ਸ਼ੇਰੋਂ ਦੇ ਇਹ ਵੱਖ ਵੱਖ ਕੰਮ ਵੀ ਸ਼ਾਮਿਲ ਹਨ । ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਤੋਂ ਇਲਾਵਾ ਹਲਕੇ ਦੇ ਅੰਦਰ ਕਰੋੜਾਂ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਪ੍ਰੋਜੈਕਟ ਪ੍ਰਗਤੀ ਅਧੀਨ ਹਨ ਜਿਨਾਂ ਦੇ ਨਿਰਮਾਣ ਕਾਰਜਾਂ ਦੀ ਗੁਣਵੱਤਾ ਅਤੇ ਸਥਿਤੀ ਦਾ ਜਾਇਜ਼ਾ ਉਹ ਸਮੇਂ ਸਮੇਂ ਤੇ ਅਧਿਕਾਰੀਆਂ ਨਾਲ ਮੀਟਿੰਗਾਂ ਕਰਕੇ ਲੈਂਦੇ ਰਹਿੰਦੇ ਹਨ। ਉਹਨਾਂ ਦੁਹਰਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਲੋਕਾਂ ਨੂੰ ਸਰਵੋਤਮ ਪ੍ਰਸ਼ਾਸਨਿਕ ਸੇਵਾਵਾਂ ਅਤੇ ਬਿਹਤਰੀਨ ਸੁਵਿਧਾਵਾਂ ਮੁਹਈਆ ਕਰਵਾਉਣ ਲਈ ਪੂਰੀ ਤਰਾਂ ਵਚਨਬੱਧ ਹੈ ਅਤੇ ਲੋਕਾਂ ਨਾਲ ਕੀਤੇ ਗਏ ਹਰ ਇੱਕ ਵਾਅਦੇ ਨੂੰ ਪੂਰਾ ਕੀਤਾ ਜਾਵੇਗਾ। ਇਸ ਮੌਕੇ ਸਤਗੁਰ ਸਿੰਘ, ਮੁਖਤਿਆਰ ਸਿੱਧੂ, ਮਨਪ੍ਰੀਤ ਮਨੀ, ਕਾਲਾ ਸਿੰਘ, ਐਡਵੋਕੇਟ ਹਰਪ੍ਰੀਤ ਸਿੰਘ, ਜਗਪਾਲ ਸਿੰਘ ਫੌਜੀ, ਕਰਮਜੀਤ ਸਿੰਘ, ਅਮਰੀਕ ਸਿੰਘ ਧਾਲੀਵਾਲ, ਬਲਵਿੰਦਰ ਸਿੰਘ ਢਿੱਲੋ ਤੋਂ ਇਲਾਵਾ ਬੀਡੀਪੀਓ ਸੁਨਾਮ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪਰਮਿੰਦਰ ਸਿੰਘ ਢੀਂਡਸਾ ਵੱਲੋਂ ਪ੍ਰਦੇਸੀ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ



ਧੂਰੀ ( ਰਣਜੀਤ ਸਿੰਘ ਪੇਧਨੀ ) ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਰਣਧੀਰ ਸਿੰਘ ਪ੍ਰਦੇਸੀ ਦੀ ਮਾਤਾ ਅਮ੍ਰਿਤ ਕੌਰ ਦੀ ਬੇਵਕਤੀ ਮੌਤ ਤੇ ਪ੍ਰਦੇਸੀ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ । ਇਸ ਮੌਕੇ ਪੰਜਾਬ ਦੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਮਾਤਾ ਅੰਮ੍ਰਿਤ ਕੌਰ ਦੀ ਬੇਵਕਤੀ ਮੌਤ ਨਾਲ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ । ਇਸ ਦੁੱਖ ਦੀ ਘੜੀ ਵਿੱਚ ਪਾਰਟੀ ਵੀ ਉਹਨਾਂ ਨਾਲ ਖੜੀ ਹੈ । ਇਸ ਮੌਕੇ ਸੀਨੀਅਰ ਅਕਾਲੀ ਆਗੂ ਪਰਮਜੀਤ ਪੰਮਾ ਬਾਠ, ਸੁਖਪਾਲ ਸ਼ਰਮਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਆੜਤੀਆਂ ਸਮੀਰ ਕੁਮਾਰ ਸੰਮੀ, ਬੇਅੰਤ ਸਿੰਘ ਜਹਾਂਗੀਰ, ਪ੍ਰੋ ਸੋਹਣਦੀਪ ਸਿੰਘ ਜੁਗਨੂੰ ਸ਼ਰਮਾ, ਅਮਰਿੰਦਰ ਸਿੰਘ ਸੋਢੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਕੌਮ ਨੂੰ ਅਪੀਲ ਹੈ ਕਿ ਗੁਰਦੁਆਰਾ ਸਾਹਿਬਾਨ ਦੇ ਸੁਧਾਰ ਲਈ ਵੱਧ ਤੋਂ ਵੱਧ ਵੋਟਾਂ ਬਣਵਾਓ : ਸੋਢੀ



ਅੱਜ ਲਾਹੌਰੀ ਗੇਟ ਵਾਰਡ ਨੰਬਰ 48 ਪਟਿਆਲ਼ਾ ਵਿਖੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਹਰਮੀਤ ਸਿੰਘ ਸੋਢੀ (ਜਿਲਾ ਪ੍ਰਧਾਨ ਯੂਥ ਵਿੰਗ ਪਟਿਆਲ਼ਾ ਅਤੇ ਇੰਚਾਰਜ ਮਾਲਵਾ ਜ਼ੋਨ 3 ਯੂਥ ਵਿੰਗ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ) ਦੀ ਅਗਵਾਈ ਵਿਚ ਕੈਂਪ ਲਗਾ ਕੇ ਸਿਖ ਸੰਗਤ ਦੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਾਂ ਬਣਾਈਆਂ ਗਈਆਂ । ਹਰਮੀਤ ਸਿੰਘ ਸੋਢੀ ਨੇ ਪ੍ਰੈੱਸ ਨਾਲ ਗਲਬਾਤ ਕਰਦਿਆਂ ਸੰਗਤ ਨੂੰ ਅਪੀਲ ਕੀਤੀ ਕੀ ਪਿਛਲੇ ਕਈ ਸਾਲਾਂ ਤੋਂ ਐਸਜੀਪੀਸੀ ਤੇ ਬਾਦਲ ਦਲ ਕਬਜ਼ਾ ਕਰ ਕੇ ਬੈਠਾ ਹੈ ਅਤੇ ਕਿਸੇ ਗੁਰੂ ਘਰ ਦਾ ਪ੍ਰਬੰਧ ਸਹੀ ਢੰਗ ਨਾਲ ਨਹੀਂ ਹੋ ਰਿਹਾ । ਅਸੂਲਨ ਤੋਰ ਤੇ ਇਹ ਵੋਟਾਂ ਪੰਜ ਸਾਲ ਬਾਅਦ ਪੈਣੀਆਂ ਚਾਹੀਦੀਆ ਹਨ ਜੋ ਨਹੀ ਪੈ ਰਹੀਆਂ ਹੁਣ ਸਰਕਾਰ ਨੇ ਵੋਟਾਂ ਬਣਾਉਣ ਅਤੇ ਵੋਟਾਂ ਪਵਾਉਣ ਲਈ ਪ੍ਰਵਾਨਗੀ ਦਿੱਤੀ ਹੈ ਅਤੇ 31 ਜੁਲਾਈ 2024 ਵੋਟਾਂ ਬਣਾਉਣ ਦੀ ਆਖ਼ਰੀ ਤਰੀਕ ਹੈ । ਸੰਗਤ ਨੂੰ ਬੇਨਤੀ ਹੈ ਜਿਨਾਂ ਦੀਆਂ ਵੋਟਾਂ ਨਹੀ ਬਣੀਆਂ ਓਹ ਆਪਣੀ ਵੋਟ ਬਣਾ ਕੇ ਸਹੀ ਨੁਮਾਇੰਦੇ ਨੂੰ ਵੋਟ ਪਾ ਕੇ ਜਿਤਾਉਣ ਤਾਂ ਜੋ ਧੋਖੇ ਨਾਲ ਕਾਬਜ ਧੜੇ ਨੂੰ ਹਟਾ ਕੇ ਸਹੀ ਧੜੇ ਨੂੰ ਜਿਤਾ ਕੇ ਅੱਗੇ ਲੈ ਕੇ ਆਉਣ ਤਾਂ ਜੋ ਸੰਗਤ ਤਾਂ ਪੈਸੇ ਸਹੀ ਢੰਗ ਨਾਲ ਸੰਗਤ ਵਿੱਚ ਲੱਗ ਸਕੇ ਉਨ੍ਹਾਂ ਕਿਹਾ ਕੀ ਅਸੀਂ ਪਿਛਲੇ ਕਾਫੀ ਸਮੇਂ ਤੋਂ ਕੈਂਪ ਲਗਾ ਕੇ ਵੋਟਾਂ ਬਣਾ ਰਹੇ ਹਾਂ ਅਤੇ ਅੱਗੇ ਵੀ ਬਣਾਉਂਦੇ ਰਹਾਂਗੇ । ਜਿੰਨਾ ਦੀਆਂ ਵੋਟਾਂ ਨਹੀ ਬਣੀਆਂ ਓਹ ਸਾਨੂੰ ਮਿਲ ਕੇ ਆਪਣੀ ਵੋਟ ਜ਼ਰੂਰ ਬਣਾਓ ਤਾਂ ਜੋ ਪੰਥਕ ਕਾਰਜ ਸਹੀ ਹੱਥਾਂ ਵਿਚ ਆ ਸਕਣ । ਇਸ ਸਮੇਂ ਗਗਨਦੀਪ ਸਿੰਘ (ਪ੍ਰਧਾਨ ਯੂਥ ਵਿੰਗ ਪਟਿਆਲ਼ਾ ਸ਼ਹਿਰੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ), ਨੋਨਿਹਾਲ ਸਿੰਘ, ਹਰਪ੍ਰੀਤ ਸਿੰਘ (ਸੀ.ਮੀ.ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਯੂਥ ਵਿੰਗ ਪਟਿਆਲ਼ਾ ਸ਼ਹਿਰੀ), ਪਰਮਜੀਤ ਸਿੰਘ, ਇੰਦਰਜੋਤ ਸਿੰਘ, ਗੁਰਸਿਮਰਨ ਸਿੰਘ, ਜੱਸ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ ।

**-ਪਰਗਟ ਸਿੰਘ ਬਲ਼ਬੇੜ੍ਹਾ, 9022000070**

# ਆਪ ਦੀ ਮਾਨ ਸਰਕਾਰ ਲੋਕਾਂ ਦੀਆਂ ਆਸਾਂ ਉਮੀਦਾਂ ’ਤੇ ਖ਼ਰੀ ਉੱਤਰ ਰਹੀ ਹੈ : ਧਾਂਦਰਾ / ਡਾ. ਕਰਨ ਸੇਰਪੁਰ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੀ ਨੌਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚ ਫਸਾਉਣ ਲਈ ਕਾਂਗਰਸ, ਅਕਾਲੀ ਦਲ ਤੇ ਭਾਜਪਾ ਜਿੰਮੇਵਾਰ ਹੈ, ਪਿਛਲੇ 77 ਸਾਲਾਂ ਤੋਂ ਸੱਤਾ ਪ੍ਰਾਪਤੀ ਦੀ ਲਾਲਸਾ ਦੇ ਚਲਦਿਆਂ ਤਿੱਕੜੀ ਦੀ ਹੀ ਦੇਣ ਹੈ। ਪਰ ਹੁਣ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਦੀ ਆਪ ਸਰਕਾਰ ਖੁਸ਼ਹਾਲ ਤੇ ਰੰਗਲਾ ਪੰਜਾਬ ਬਣਾਉਣ ਲਈ ਬਚਨਬੱਧ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਸਪੋਰਟਸ ਵਿੰਗ ਪੰਜਾਬ ਦੇ ਸੈਕਟਰੀ ਅਮਰਦੀਪ ਸਿੰਘ ਧਾਂਦਰਾ ਅਤੇ ਡਾਕਟਰ ਕਰਨ ਸੇਰਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਜੋ ਜਿੰਮੇਵਾਰੀ ਪੰਜਾਬ ਦੀ ਜਨਤਾ ਨੇ ਉਨ੍ਹਾਂ ਦੇ ਮੋਢਿਆਂ ’ਤੇ ਪਾਈ ਹੈ, ਮੁੱਖ ਮੰਤਰੀ ਭਗਵੰਤ ਮਾਨ ਉਸ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾ ਰਹੇ ਹਨ। ਉਹਨਾਂ ਕਿਹਾ ਕਿ ਪਿਛਲੀਆਂ ਕਾਂਗਰਸ ਤੋਂ ਅਕਾਲੀ-ਬੀਜੇਪੀ ਸਰਕਾਰਾਂ ਪੰਜਾਬ ਪ੍ਰਤੀ ਆਪਣੀ ਜ਼ਿੰਮੇਵਾਰੀ ਤੋਂ ਭੱਜਦੀਆਂ ਰਹੀਆਂ ਹਨ। ਪਰ ਸਿਰਫ਼ ਦੋ ਸਾਲਾਂ ’ਚ ਹੀ ਮਾਨ ਸਰਕਾਰ ਵੱਲੋਂ ਆਮ ਆਦਮੀ ਮੁਹੱਲਾ ਕਲੀਨਿਕ, ਸਕੂਲ ਆਫ਼ ਐਮੀਨੈਂਸ, ਸੜਕ ਸੁਰੱਖਿਆ ਫੋਰਸ, ਮੁਫ਼ਤ ਬਿਜਲੀ, ਨਹਿਰੀ ਪਾਣੀ ਤੇ 43000 ਤੋਂ ਵੱਧ ਨੌਕਰੀਆਂ ਵਰਗੇ ਲਾ ਮਿਸਾਲੀ ਕੰਮ ਕੀਤੇ ਗਏ ਅਤੇ ਮਾਨ ਪੰਜਾਬ ਸਰਕਾਰ ਲੋਕਾਂ ਦੀਆਂ ਆਸਾਂ ’ਤੇ ਖਰੀ ਉੱਤਰ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਸੈਮੀਨਾਰ ਦੇ ਆਯੋਜਨ ਨਾਲ

# "ਕਾਨੂੰਨ ਜਾਗਰੂਕਤਾ ਅਭਿਆਨ" ਦਾ ਆਗਾਜ਼



**ਤਲਵੰਡੀ ਸਾਬੋ, 22 ਜੁਲਾਈ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਲਾਅ ਵੱਲੋਂ ਪ੍ਰੋ.(ਡਾ.) ਐਸ.ਕੇ.ਬਾਵਾ, ਉਪ ਕੁਲਪਤੀ ਦੀ ਰਹਿ-ਨੁਮਾਈ ਹੇਠ "ਕਾਨੂੰਨ ਜਾਗਰੂਕਤਾ ਅਭਿਆਨ" ਦਾ ਆਗਾਜ਼ ਸੈਮੀਨਾਰ ਦਾ ਆਯੋਜਨ ਕਰਕੇ ਕੀਤਾ ਗਿਆ। ਜਿਸ ਵਿੱਚ ਮੁੱਖ ਮਹਿਮਾਨ ਸ਼੍ਰੀ ਸੁਰੇਸ਼ ਕੁਮਾਰ ਗੋਇਲ, ਚੀਫ਼ ਜੁਡੀਸ਼ੀਅਲ ਮੈਜਿਸਟਰੇਟ ਕਮ ਜਨਰਲ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਠਿੰਡਾ ਨੇ ਮੁੱਖ ਬੁਲਾਰੇ ਅਤੇ ਰਾਜੇਸ਼ ਸਨੇਹੀ ਡੀ.ਐਸ.ਪੀ., ਤਲਵੰਡੀ ਸਾਬੋ, ਪ੍ਰੈਜ਼ੀਡੈਂਟ ਜ਼ਿਲ੍ਹਾ ਬਾਰ ਐਸੋਸਿਏਸ਼ਨ ਬਠਿੰਡਾ ਅਤੇ ਪ੍ਰੈਜ਼ੀਡੈਂਟ ਬਾਰ ਐਸੋਸੀਏਸ਼ਨ ਤਲਵੰਡੀ ਸਾਬੋ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸੈਮੀਨਾਰ ਵਿੱਚ ਇਲਾਕੇ ਦੇ ਨਾਮਵਰ ਵਕੀਲ ਅਤੇ ਲਗਭਗ 200 ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਆਪਣੇ ਸੰਦੇਸ਼ ਵਿੱਚ ਡਾ. ਬਾਵਾ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੇ ਗਏ ਤਿੰਨ ਨਵੇਂ ਅਪਰਾਧਿਕ ਕਾਨੂੰਨਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨ ਲਈ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਕਾਨੂੰਨ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ। ਜਿਸ ਤਹਿਤ ਫੈਕਲਟੀ ਆਫ਼ ਲਾਅ ਦੇ ਵਿਦਿਆਰਥੀ ਡਾ. ਗੁਰਪ੍ਰੀਤ ਕੌਰ, ਡੀਨ ਦੀ ਰਹਿ-ਨੁਮਾਈ ਹੇਠ ਇੱਕ ਮਹੀਨਾ ਵੱਖ-ਵੱਖ ਪਿੰਡਾਂ ਵਿੱਚ ਸਥਾਨਕ ਪੰਚਾਇਤਾਂ ਦੇ ਸਹਿਯੋਗ ਨਾਲ ਸੈਮੀਨਾਰ ਆਯੋਜਿਤ ਕਰਨਗੇ ਜਿਸ ਦੀ ਸ਼ੁਰੂਆਤ ਪਿੰਡ ਜਗਾ ਰਾਮ ਤੀਰਥ ਤੋਂ ਕੀਤੀ ਗਈ ਹੈ। ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਅਤੇ ਫੈਕਲਟੀ ਆਫ਼ ਲਾਅ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਮੁੱਖ ਬੁਲਾਰੇ ਸ਼੍ਰੀ ਗੋਇਲ ਨੇ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੇ ਗਏ ਤਿੰਨ ਨਵੇਂ ਅਪਰਾਧਿਕ ਕਾਨੂੰਨਾਂ ਬਾਰੇ ਜਾਣਕਾਰੀ ਦਿੰਦੇ ਦੱਸਿਆ ਕਿ ਹੁਣ ਇਨ੍ਹਾਂ ਕਾਨੂੰਨਾਂ ਨੂੰ ਭਾਰਤੀ ਨਿਆਂ ਸੰਹਿਤਾ-2023 ਦੇ ਨਾਮ ਨਾਲ ਜਾਣਿਆ ਜਾਵੇਗਾ। ਨਾਗਰਿਕਾਂ ਦੇ ਹੱਕਾਂ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਪੀੜ੍ਹਤ ਵੱਲੋਂ ਹੁਣ ਜ਼ੀਰੋ ਐਫ.ਆਈ.ਆਰ ਕਿਸੇ ਵੀ ਥਾਣੇ ਵਿੱਚ ਦਰਜ ਕਰਵਾਈ ਜਾ ਸਕਦੀ ਹੈ। ਇਸ ਤੋਂ ਇਲਾਵਾ ਪੁਲਿਸ ਵੱਲੋਂ ਦੋਸ਼ੀ ਦੀ ਅਰੈਸਟ ਸਮੇਂ ਆਡਿਓ ਅਤੇ ਵੀਡੀਓ ਰਿਕਾਰਡਿੰਗ ਜ਼ਰੂਰੀ ਹੈ ਤਾਂ ਜੋ ਕੋਰਟ ਵਿੱਚ ਉਸ ਨੂੰ ਸਬੂਤ ਵਜੋਂ ਪੇਸ਼ ਕੀਤਾ ਜਾ ਸਕੇ। ਨਵੇਂ ਕਾਨੂੰਨਾਂ ਦੀ ਵਿਸ਼ੇਸ਼ਤਾ ਬਾਰੇ ਉਨ੍ਹਾਂ ਕਿਹਾ ਕਿ ਇਹ ਕਾਨੂੰਨ ਹੁਣ ਲੋਕਾਂ ਨਿਆਂ ਹਿੱਤ ਕੇਂਦਰਿਤ ਹਨ, ਉਦਾਹਰਣ ਵਜੋਂ ਉਨ੍ਹਾਂ ਦੱਸਿਆ ਕਿ 5000 ਰੁਪਏ ਤੱਕ ਦੇ ਚੋਰੀ ਅਤੇ ਠੱਗੀ ਦੇ ਅਪਰਾਧੀ ਨੂੰ ਹੁਣ ਸੋਸਾਇਟੀ ਦੀ ਸੇਵਾ ਹਿੱਤ ਸਜਾ ਸੁਣਾਈ ਜਾਏਗੀ। ਇਸ ਤੋਂ ਇਲਾਵਾ ਉਨ੍ਹਾਂ ਸੈਕਸ਼ਨ- 124 (ਏ) ਦੇ ਖਾਤਮੇ ਬਾਰੇ ਵੀ ਜਾਣਕਾਰੀ ਦਿੱਤੀ। ਮੁੱਖ ਮਹਿਮਾਨ ਅਤੇ ਪਤਵੰਤਿਆਂ ਦਾ ਸਵਾਗਤ ਕਰਦੇ ਹੋਏ ਸ. ਸਰਦੂਲ ਸਿੰਘ ਸਿੱਧੂ, ਡਾਇਰੈਕਟਰ ਵਿਦਿਆਰਥੀ ਭਲਾਈ ਨੇ ਕਾਨੂੰਨੀ ਜਾਗਰੂਕਤਾ ਅਭਿਆਨ ਲਈ ਫੈਕਲਟੀ ਆਫ਼ ਲਾਅ ਦੇ ਵਿਦਿਆਰਥੀਆਂ ਦੇ ਨਾਲ-ਨਾਲ ਐਨ.ਐਸ.ਐਸ. ਦੇ ਵਲੰਟੀਅਰਾਂ ਦੇ ਸਹਿਯੋਗ ਦਾ ਵਾਅਦਾ ਵੀ ਕੀਤਾ। ਡਾ. ਕੌਰ, ਡੀਨ ਨੇ ਧੰਨਵਾਦੀ ਭਾਸ਼ਣ ਵਿੱਚ ਸਾਰਿਆਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਰਹਿਣ ਅਤੇ ਕਰਤੱਵਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਇਸ ਮੌਕੇ ਪਤਵੰਤਿਆਂ ਵੱਲੋਂ ਜਾਗਰੂਕਤਾ ਅਭਿਆਨ ਸੰਬੰਧੀ ਪੋਸਟਰ ਰੀਲੀਜ਼ ਕੀਤਾ ਗਿਆ ਤੇ ਆਯੋਜਕਾਂ ਵੱਲੋਂ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨਾਂ ਨੂੰ ਯਾਦਾਸ਼ਤ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।



ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਤਹਿਤ ਸਰਕਾਰੀ ਐਲੀਮੈਂਟਰੀ ਸਕੂਲ ਤਾਰਾਗੜ੍ਹ ਵਿਖੇ ਬੂਟੇ ਲਗਾਏ ਗਏ

# ਤਾਪਮਾਨ ਚ ਗਿਰਾਵਟ ਅਤੇ ਪਾਣੀ ਨੂੰ ਬਚਾਉਣ ਲਈ ਪੰਜਾਬ ਦੇ ਹਰੇਕ ਮੁਸਿੰਦੇ ਨੂੰ ਬੂਟੇ ਲਗਾਉਣੇ ਚਾਹੀਦੇ : ਨਵਜਿੰਦਰ ਸਿੰਘ



**ਜੰਡਿਆਲਾ ਗੁਰੂ, 22 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿੰਮ ਦੇ ਤਹਿਤ ਪਿੰਡ ਤਾਰਾਗੜ੍ਹ ਦੇ ਨੌਜਵਾਨਾਂ ਵੱਲੋਂ ਵੱਖ ਵੱਖ ਥਾਵਾਂ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਤਾਰਾਗੜ੍ਹ ਵਿਖੇ ਮਾਸਟਰ ਨਵਜਿੰਦਰ ਸਿੰਘ, ਮਾਸਟਰ ਤੇਜਿੰਦਰ ਸਿੰਘ ਤੇ ਸਮੂਹ ਸਟਾਫ , ਵੱਲੋਂ ਵਾਤਾਵਰਨ ਨੂੰ ਹਰਿਆ ਭਰਿਆ ਬਣਾਉਣ ਲਈ ਸਕੂਲ ਦੇ ਬੱਚਿਆਂ ਨੂੰ ਨਾਲ ਲੈ ਕੇ ਬੂਟੇ ਲਗਾਏ ਗਏ ਇਸ ਮੌਕੇ ਮਾਸਟਰ ਨਵਜਿੰਦਰ ਸਿੰਘ ਨੇ ਕਿਹਾ ਕਿ ਗਰਮੀ ਦੇ ਵੱਧਦੇ ਤਾਪਮਾਨ ਦੀ ਗਿਰਾਵਟ ਲਈ ਅਤੇ ਪੀਣ ਵਾਲੇ ਪਾਣੀ ਨੂੰ ਬਚਾਉਣ ਲਈ ਪੰਜਾਬ ਦੇ ਹਰੇਕ ਮੁਸਿੰਦੇ ਨੂੰ ਬੂਟੇ ਲਗਾਉਣੇ ਚਾਹੀਦੇ ਹਨ ਅਤੇ ਦੂਜੇ ਪਾਸੇ ਇਨ੍ਹਾਂ ਬੂਟਿਆਂ ਦੀ ਦੇਖਭਾਲ ਵੀ ਕਰਨੀ ਚਾਹੀਦੀ ਹੈ ਜਿਸ ਵਿਚ ਸਮੇਂ ਸਿਰ ਬੂਟਿਆਂ ਨੂੰ ਪਾਣੀ ਪਾਉਣਾ ਅਤੇ ਹੋਰ ਜੋ ਬੂਟੇ ਨੂੰ ਪਾਲਣ ਦੇ ਨਿਯਮ ਹਨ ਉਨ੍ਹਾਂ ਨੂੰ ਪੂਰਾ ਕਰਨਾ ਪਵੇਗਾ ਤਾਂ ਜੋ ਇਹੀ ਬੂਟੇ ਵੱਡੇ ਹੋ ਕੇ ਸਾਨੂੰ ਆਕਸੀਜਨ ਅਤੇ ਗਰਮੀ ਤੋਂ ਰਾਹਤ ਪ੍ਰਦਾਨ ਕਰਨਗੇ ਜੇਕਰ ਅਸੀਂ ਆਪਣੀ ਜ਼ਿੰਮੇਵਾਰੀ ਨਾ ਸਮਝੀ ਤਾਂ ਆਉਣ ਵਾਲੇ ਸਮੇਂ ਵਿੱਚ ਸਾਨੂੰ ਵੱਡੀਆਂ ਮੁਸੀਬਤਾਂ ਦਾ ਸਾਹਮਣਾ ਕਰਨਾ ਪਵੇਗਾ ਪਿੰਡ ਦੇ ਵਸਨੀਕ ਦਲਜੀਤ ਸਿੰਘ ਗੋਲਡੀ, ਲਵਪ੍ਰੀਤ ਸਿੰਘ, ਪਵਨਦੀਪ ਸਿੰਘ, ਕਸ਼ਮੀਰ ਸਿੰਘ ,ਕਸ਼ਮੀਰ ਸਿੰਘ ਗੁਰਜੰਟ ਸਿੰਘ,ਹਰਪ੍ਰੀਤ ਸਿੰਘ ਹੀਰਾ ,ਅਮਨਪ੍ਰੀਤ ਸਿੰਘ ,ਹਰਮਨ ਸਿੰਘ ਅਨਮੋਲ ਸਿੰਘ ,ਦਲਜੀਤ ਸਿੰਘ TR,ਕੰਵਲਜੀਤ ਗੋਲਡੀ,ਜਗਦੀਸ਼ ਸਿੰਘ,ਗੁਰਪ੍ਰੀਤ ਸਿੰਘ ਗੋਰਾ,ਸੋਨੂੰ, ਡਾਕਟਰ ਗੁਰਦੇਵ ਸਿੰਘ ਅਮਰਜੀਤ ਸਿੰਘ ਫੌਜੀ,ਰਣਜੀਤ ਸਿੰਘ ਰਾਣਾ ,ਮਹਿਕਦੀਪ ਸਿੰਘ ਅੰਸ਼ਦੀਪ ਸਿੰਘ,ਬਿਕਰਮ ਸਿੰਘ ,ਗੁਰਸਿਮਰਨ ਸਿੰਘ ,ਅਭੀਜੋਤ ਸਿੰਘ,ਰਾਜਨ ਹਾਂਡਾ ,ਰਾਜਨਦੀਪ ਸਿੰਘ ,ਕਮਲ, ਜਗਦੇਵ ਸਿੰਘ ਆਦਿ ਵੱਲੋਂ ਬੂਟੇ ਲਗਾਉਣ ਦੀ ਮੁਹਿੰਮ ਵਿੱਚ ਸੇਵਾ ਨਿਭਾਈ ਗਈ।

# ਪਿੰਡ ਅਰਜਨ ਮਾਂਗਾ ਵਿੱਚ ਵਿਕਾਸ ਕਾਰਜਾਂ ਦੀ ਹੋਈ ਸ਼ੁਰੂਆਤ





**ਚੌਕ ਮਹਿਤਾ, 22 ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਅੱਜ ਹਲਕਾ ਮਜੀਠਾ ਦੇ ਪਿੰਡ ਅਰਜਨ ਮਾਂਗਾ ਵਿੱਚ ਹਲਕਾ ਇੰਚਾਰਜ ਸਰਦਾਰ ਜਗਵਿੰਦਰ ਪਾਲ ਸਿੰਘ ਜੱਗਾ ਮਜੀਠੀਆ ਦੀ ਅਗਵਾਈ ਵਿੱਚ ਪਿੰਡ ਦੇ ਚਾਰ ਚੁਫ਼ੇਰੇ ਪਾਣੀ ਵਾਲੇ ਨਾਲੇ ਅਤੇ ਹੋਰ ਵਿਕਾਸ ਕਾਰਜਾਂ ਦੀ ਸ਼ੁਰੂਆਤ ਪਿੰਡ ਦੇ ਪਾਰਕ ਵਿੱਚ ਪੌਦਾ ਲਗਾ ਕਿ ਕੀਤੀ ਗਈ ਇਸ ਸਮੇਂ ਜੱਗਾ ਮਜੀਠੀਆ ਨੇ ਵਾਤਾਵਰਣ ਨੂੰ ਬਚਾਉਣ ਲਈ ਪਿੰਡਾਂ ਵਿੱਚ ਜਿਆਦਾ ਤੋਂ ਜਿਆਦਾ ਰੁੱਖ ਲਗਾਉਣ ਲਈ ਅਪੀਲ ਕੀਤੀ ਗਈ। ਇਸ ਸਮੇਂ ਬਲਾਕ ਡੀਵੈਲਪਮੈਂਟ ਅਫ਼ਸਰ ਸ੍ਹ ਹਰਪ੍ਰੀਤ ਸਿੰਘ, ਪੰਚਾਇਤ ਅਫ਼ਸਰ , ਸ੍ਹ ਅਮਨਪਾਲ ਸਿੰਘ, ਸੈਕਟਰੀ ਬਲਜਿੰਦਰ ਸਿੰਘ, ਜਿਲਾ ਪ੍ਧਾਨ ਬਲਬੀਰ ਸਿੰਘ ਬੋਪਾਰਾਏ, ਬਲਾਕ ਪ੍ਧਾਨ ਤਲਵਿੰਦਰ ਸਿੰਘ ਸਾਧਪੁਰ, ਪ੍ਿੰਸੀਪਲ ਗੁਰਮੁੱਖ ਸਿੰਘ ਅਰਜਨ ਮਾਂਗਾ, ਨਿਸ਼ਾਨ ਸਿੰਘ, ਰੂੜ ਸਿੰਘ ਮੈਬਰ ਪੰਚਾਇਤ, ਹਰਭਜਨ ਸਿੰਘ, ਪਲਵਿੰਦਰ ਸਿੰਘ, ਡਾਕਟਰ ਨਿਸ਼ਾਨ ਸਿੰਘ, ਕੁਲਵਿੰਦਰ ਸਿੰਘ, ਸੂਬੇਦਾਰ ਬਲਬੀਰ ਸਿੰਘ, ਸੂਬੇਦਾਰ ਰਣਧੀਰ ਸਿੰਘ, ਜਗਤਾਰ ਸਿੰਘ, ਮਲਕੀਤ ਸਿੰਘ ਬਾਬਾ ਰਤਨ ਸਿੰਘ, ਫਕੀਰ ਸਿੰਘ,ਮੁਖਤਾਰ ਸਿੰਘ ਆਦਿ ਹਾਜਿਰ ਸਨ।

# ਬੂਟੇ ਲਗਾਉਣ ਦੀ ਮੁਹਿੰਮ ਚ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਕਿਹਾ ਇਹ ਮੁਹਿੰਮ ਚਾਲੂ ਰਹੇਗੀ ਜਿਨ੍ਹਾਂ ਚਿਰ ਪੰਜਾਬ ਹਰਿਆ ਭਰਿਆ ਨਹੀਂ ਹੋ ਜਾਂਦਾ



**ਜੰਡਿਆਲਾ ਗੁਰੂ 22 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਪੰਜਾਬ ਨੂੰ ਹਰਿਆ ਭਰਿਆ ਬਣਾਉਣ ਲਈ ਜਿੱਥੇ ਸਰਕਾਰ ਪ੍ਰਸ਼ਾਸਨ ਅਤੇ ਸਮਾਜ ਸੇਵੀ ਜਥੇਬੰਦੀਆਂ ਵੱਲੋਂ ਬੂਟੇ ਲਗਾਏ ਜਾ ਰਹੇ ਹਨ ਉੱਥੇ ਹੀ ਕਿਸ਼ਨਪੁਰੀ ਫਾਊਂਡੇਸ਼ਨ (ਅਹਿਸਾਸ) ਅਤੇ ਰੋਟਰੀ ਕਲੱਬ ਅੰਮ੍ਰਿਤਸਰ (ਆਸਥਾ) ਨੇ 5000 ਬੂਟੇ ਲਗਾਉਣ ਦਾ ਟੀਚਾ ਪੂਰਾ ਕੀਤਾ ਪਿਛਲੇ ਦਿਨੀ ਕਿਸ਼ਨਪੁਰੀ ਫਾਊਂਡੇਸ਼ਨ (ਅਹਿਸਾਸ) ਦੇ ਚੇਅਰਮੈਨ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਰੋਟਰੀ ਕਲੱਬ ਅੰਮ੍ਰਿਤਸਰ (ਆਸਥਾ) ਅਤੇ ਸੇਂਟ ਸੋਲਜ਼ਰ ਇਲੀਟ ਕੌਨਵੈਂਟ ਸਕੂਲ ਜੰਡਿਆਲਾ ਗੁਰੂ ਦੇ ਬੱਚਿਆਂ ਦੀ ਸਹਾਇਤਾ ਨਾਲ 5000 ਬੂਟੇ ਲਗਾਉਣ ਦੀ ਸ਼ੁਰੂਆਤ ਸ਼ਹੀਦ ਉਧਮ ਸਿੰਘ ਬਗੀਚੀ ਜੰਡਿਆਲਾ ਗੁਰੂ ਵਿੱਚੋਂ ਕੀਤੀ ਸੀ । ਜਿਸ ਵਿੱਚ ਮਿਉਨਸੀਪਲ ਕਮੇਟੀ ਦੇ ਈ.ਓ. ਜਗਤਾਰ ਸਿੰਘ ਦੀ ਟੀਮ, ਰੋਟਰੀ ਕਲੱਬ (ਆਸਥਾ) ਦੀ ਟੀਮ ਅਤੇ ਡੀ.ਐਫ.ਓ. ਅਮਨੀਤ ਸਿੰਘ ਦੀ ਟੀਮ ਨੇ ਉਚੇਚੇ ਤੌਰ ਤੇ ਭਾਗ ਲਿਆ ਸੀ । ਬੂਟੇ ਲਗਾਉਣ ਦਾ ਕੰਮ ਸਕੂਲ ਦੇ ਬੱਚਿਆਂ ਨੇ ਇੱਕ ਵਿਦਿਅਕ ਪ੍ਰੋਜੈਕਟ (ਹਰਿਆਲੀ 2024) ਅਧੀਨ ਕੀਤਾ। ਬੱਚਿਆਂ ਨੇ ਲੋੜ ਅਨੁਸਾਰ ਬੂਟੇ ਲੈ ਕੇ ਆਪੋ ਆਪਣੇ ਖੇਤਾਂ ਤੇ ਘਰਾਂ ਚ ਲਗਾਏ । ਬੂਟੇ ਵੰਡਣ ਦੀ ਪ੍ਰਕਿਰਿਆ ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਆਪਣੀ ਨਿਗਰਾਨੀ ਹੇਠ ਪੂਰੀ ਕੀਤੀ । ਸਕੂਲ ਦੇ ਅਧਿਆਪਕਾਂ ਨੇ ਆਪਣੀ ਨਿਗਰਾਨੀ ਹੇਠ ਬੂਟੇ ਲਗਵਾਏ ਅਤੇ ਇਹ ਮੁਹਿਮ ਕੁਝ ਦਿਨਾਂ ਵਿੱਚ ਹੀ ਪੂਰੀ ਹੋ ਗਈ । ਇਸ ਮੁਹਿੰਮ ਵਿੱਚ ਸਕੂਲ ਦੇ ਲੱਗਭਗ 2000 ਬੱਚਿਆਂ ਨੇ ਹਿੱਸਾ ਲਿਆ । ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਅਤੇ ਪ੍ਰਿੰਸੀਪਲ ਅਮਰਪ੍ਰੀਤ ਕੌਰ ਨੇ ਕਿਸ਼ਨਪੁਰੀ ਫਾਊਂਡੇਸ਼ਨ ਦੇ ਮੈਂਬਰਾਂ, ਅਧਿਆਪਕਾਂ, ਬੱਚਿਆਂ ਤੇ ਹੋਰ ਪਤਵੰਤੇ ਸੱਜਣਾਂ ਮਿਊਸੀਪਲ ਕਮੇਟੀ ਦੇ ਕਰਮਚਾਰੀਆਂ, ਰੋਟਰੀ ਕਲੱਬ ਅੰਮ੍ਰਿਤਸਰ (ਆਸਥਾ) ਦੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ । ਜਿਨ੍ਹਾਂ ਨੇ ਮੁਹਿੰਮ ਨੂੰ ਪੂਰਾ ਕਰਨ ਵਿੱਚ ਮਦਦ ਕੀਤੀ । ਡਾ. ਮੰਗਲ ਸਿੰਘ ਕਿਸ਼ਨਪੁਰੀ ਜੀ ਨੇ ਹੋਰ ਬੂਟੇ ਲਗਾਉਣ ਦੀ ਮੁਹਿੰਮ ਨੂੰ ਚਾਲੂ ਰੱਖਣ ਤੇ ਪਾਲਣਾ ਦਾ ਵਾਅਦਾ ਕੀਤਾ ਅਤੇ ਕਿਹਾ ਕਿ ਇਹ ਮੁਹਿਮ ਚਲਦੀ ਰਹੇਗੀ ਜਿੰਨਾ ਚਿਰ ਪੰਜਾਬ ਹਰਿਆ ਭਰਿਆ ਨਹੀਂ ਹੋ ਜਾਂਦਾ ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਨਾਢਾ ਸਾਹਿਬ ਪੰਚਕੂਲਾ ਵਿਖੇ

# ਲੜੀਵਾਰ ਗੁਰਬਾਣੀ ਕਥਾ ਵਿਆਖਿਆ

## ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਖ਼ੂਨਦਾਨ ਕੈਂਪ 'ਚ ਖ਼ੂਨਦਾਨੀਆਂ ਨੇ ਕੀਤਾ ਖ਼ੂਨਦਾਨ













ਅੱਜ ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਨਾਢਾ ਸਾਹਿਬ ਪੰਚਕੂਲਾ ਵਿਖੇ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਹਾਜ਼ਰੀ ਭਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,,ਹਾਜ਼ਰ ਸਿੱਖ ਸੰਗਤਾਂ,,ਖ਼ੂਨਦਾਨ ਕੈਂਪ ਚ ਖ਼ੂਨਦਾਨੀਆਂ ਨੇ ਕੀਤਾ ਖ਼ੂਨਦਾਨ,,ਜਥੇਦਾਰ ਦਾਦੂਵਾਲ ਜੀ ਅਤੇ ਸਰਦਾਰ ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ ਦਾ ਕੀਤਾ ਗਿਆ ਸਨਮਾਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

**ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ**

# ਗਤਕਾ ਐਸੋਸੀਏਸ਼ਨ ਆਫ ਹਰਿਆਣਾ ਵਲੋਂ "ਦੂਜੀ ਹਰਿਆਣਾ ਸਟੇਟ ਗਤਕਾ ਚੈਂਪੀਅਨਸ਼ਿਪ 2024" ਪਿੰਡ ਕਮਾਣਾ ਰਤੀਆ ਵਿਖੇ ਆਯੋਜਿਤ














ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਗਤਕਾ ਐਸੋਸੀਏਸ਼ਨ ਆਫ ਹਰਿਆਣਾ ਵਲੋਂ "ਦੂਜੀ ਹਰਿਆਣਾ ਸਟੇਟ ਗਤਕਾ ਚੈਂਪੀਅਨਸ਼ਿਪ 2024" ਪਿੰਡ ਕਮਾਣਾ ਰਤੀਆ ਵਿਖੇ 20-21 ਜੁਲਾਈ ਨੂੰ ਕਰਵਾਈ ਗਈ ਸੰਚਾਲਕ ਸ. ਸਵਰਨ ਸਿੰਘ ਰਤੀਆ ਦੇ ਸੱਦੇ ਤੇ ਪੁੱਜੇ ਮੁੱਖ ਮਹਿਮਾਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਬੋਧਨ ਕੀਤਾ ਪ੍ਰਬੰਧਕਾ ਨੇ ਸਿਰਪਾਓ ਭੇਂਟ ਕਰਕੇ ਵਿਸੇਸ਼ ਸਨਮਾਨ ਕੀਤਾ ਹਰਿਆਣਾ ਕਮੇਟੀ ਵਲੋਂ ਚੈਂਪੀਅਨਸ਼ਿਪ ਲਈ 2 ਲੱਖ ਰੁਪਏ ਦੇਣ ਦਾ ਜਥੇਦਾਰ ਦਾਦੂਵਾਲ ਜੀ ਨੇ ਐਲਾਨ ਕੀਤਾ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ

# ਧਰਤੀ ਨੂੰ ਹਰਾ ਭਰਾ ਕਰਨ ਲਈ ਵਾਤਾਵਰਣ ਦੀ ਸ਼ੁੱਧਤਾ ਲਈ ਲਾਏ ਬੂਟੇ

**ਫ਼ਿਰੋਜ਼ਪੁਰ, 22 ਜੁਲਾਈ (ਮਨੋਹਰ ਲਾਲ)** :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਧਰਤੀ ਨੂੰ ਹਰਾ ਭਰਾ ਕਰਨ ਲਈ ਵਾਤਾਵਰਣ ਦੀ ਸ਼ੁੱਧਤਾ ਲਈ ਬੂਟੇ ਲਾਏ ਗਏ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਗੁਰਦੁਆਰਾ ਸਾਹਿਬ ਜੀ ਦੇ ਆਲੇ ਦੁਆਲੇ ਬਾਬਾ ਵਧਾਵਾ ਸਿੰਘ ਜੀ ਵਿਦਿਆ ਕੇਂਦਰ ਵਿਖੇ ਵੀ ਬੂਟੇ ਲਾਏ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਬੋਲਦਿਆਂ ਕਿਹਾ ਕਿ ਜਦੋਂ ਵੀ ਮਨੁੱਖ ਕੁਦਰਤ ਨਾਲ ਖਿਲਵਾੜ ਕਰਦਾ ਹੈ, ਉਸ ਦਾ ਨਤੀਜਾ ਮਾੜਾ ਹੁੰਦਾ ਹੈ, ਮਿਸਾਲ ਵਜੋਂ ਮਨੁੱਖ ਨੇ ਆਪਣੀ ਸੁਵਿਧਾ ਲਈ ਅਤੇ ਆਪਣੇ ਐਸੋ. ਆਰਾਮ ਲਈ ਦਿਨੋਂ—ਦਿਨ ਰੁੱਖ ਪੁਟ ਰਿਹਾ ਹੈ, ਜਿਵੇਂ ਕਿ ਸੜਕਾ ਚੋੜੀਆਂ ਕਰਨ ਲਈ ਸਾਰੇ ਪੰਜਾਬ ਵਿਚ ਰੁੱਖ ਪੁੱਟ ਦਿੱਤੇ ਹਨ, ਇਸੇ ਤਰ੍ਹਾਂ ਲੜਕੀ ਦਾ ਸਾਮਾਨ ਬੈਡ ਕੁਰਸੀਆਂ ਆਦਿ ਫਰਨੀਚਰ ਦੀ ਜ਼ਰੂਰਤ ਲਈ ਰੁੱਖਾਂ ਨੂੰ ਪੁਟਿਆ ਜਾ ਰਿਹਾ ਹੈ, ਹੁਣ ਤੁਹਾਨੂੰ ਪਤਾ ਹੀ ਹੈ ਕਿ ਇਸ ਵੇਲੇ ਗਰਮੀ ਦਾ ਪ੍ਰਕੋਪ ਦਿਨੋਂ—ਦਿਨ ਵੱਧ ਗਿਆ ਹੈ, ਜੇਕਰ ਇਹੀ ਹਾਲ ਰਿਹਾ ਤਾਂ ਇਥੋਂ ਆਕਸੀਜਨ ਬਿਲਕੁਲ ਖਤਮ ਹੋ ਜਾਵੇਗੀ ਅਤੇ ਆਉਣ ਵਾਲੀ ਪੀੜ੍ਹੀ ਆਪਣੇ ਬੱਚਿਆਂ ਲਈ ਆਕਸੀਜਨ ਲੈਣ ਲਈ ਆਕਸੀਜਨ ਸਿਲੰਡਰਾਂ ਦਾ ਸਹਾਰਾ ਲੈਣ ਲਈ ਮਜ਼ਬੂਰ ਹੋਣਗੇ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਘਰਾਂ ਵਿਚ ਆਲੇ ਦੁਆਲੇ ਜਿਥੇ ਵੀ ਥਾਂ ਮਿਲੇ ਵੱਧ ਤੋਂ ਵੱਧ ਰੁੱਖ ਲਾਉ ਅਤੇ ਉਨ੍ਹਾਂ ਦੀ ਸੰਭਾਲ ਕਰੋ ਤਾਂ ਜ਼ੋ ਸਾਨੂੰ ਸਾਫ ਸੁਥਰਾ ਵਾਤਾਵਰਣ ਅਤੇ ਆਕਸੀਜਨ ਮਿਲ ਸਕੇ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ ਜੀ, ਭਾਈ ਜ਼ਸਵੀਰ ਸਿੰਘ ਜ਼ਸੂ, ਭਾਈ ਗੁਰਮੇਲ ਸਿੰਘ ਅਰਜਨ, ਭਾਈ ਠੱਕਰ ਸਿੰਘ, ਭਾਈ ਚੰਨ ਸਿੰਘ, ਭਾਈ ਸੰਤੋਖ ਸਿੰਘ, ਭਾਈ ਰਮਨਦੀਪ ਸਿੰਘ, ਭਾਈ ਬਾਬੂ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਰਾਗੀ ਪਾਠੀ ਹਾਜ਼ਰ ਸਨ।



# ਯੂਥ ਕਾਂਗਰਸ ਅੰਮ੍ਰਿਤਸਰ ਸ਼ਹਿਰੀ ਨੇ ਨਿਯੁਕਤੀਆਂ ਕੀਤੀਆਂ

ਜੰਡਿਆਲਾ ਗੁਰੂ 22 ਜੁਲਾਈ ( ਕੁਲਵੰਤ ਸਿੰਘ ਵਿਰਦੀ) ਬੀਤੇ ਦਿਨੀ ਯੂਥ ਕਾਂਗਰਸ ਜ਼ਿਲ੍ਹਾ ਅੰਮ੍ਰਿਤਸਰ ਦੀ ਮੀਟਿੰਗ ਮੋਹਿਤ ਮਹਿਰਾ ਪੰਜਾਬ ਪ੍ਰਧਾਨ ਯੂਥ ਕਾਂਗਰਸ ਜੀ ਦੇ ਦਿਸ਼ਾ ਨਿਰਦੇਸ਼ ਰਾਹੁਲ ਕੁਮਾਰ ਪ੍ਰਧਾਨ ਯੂਥ ਕਾਂਗਰਸ ਅਮ੍ਰਿਤਸਰ ਸ਼ਹਿਰੀ ਦੀ ਅਗਵਾਈ ਹੇਠ ਹੋਈ। ਜਿਸ ਵਿੱਚ ਉਹਨਾਂ ਨੇ ਰਣਜੀਤ ਸਿੰਘ ਬਾਜਵਾ ਜੀ ਨੂੰ ਵਾਇਸ ਪ੍ਰਧਾਨ ਯੂਥ ਕਾਂਗਰਸ ਅੰਮ੍ਰਿਤਸਰ ਸ਼ਹਿਰੀ, ਗੁਰਪਾਲ ਸਿੰਘ ਸੈਕਟਰੀ ਯੂਥ ਕਾਂਗਰਸ ਅਮ੍ਰਿਤਸਰ ਸ਼ਹਿਰੀ, ਜਸਕਰਨ ਸਿੰਘ ਬਲਾਕ ਪ੍ਰਧਾਨ ਛੇਹਰਟਾ ਯੂਥ ਕਾਂਗਰਸ ਹਲਕਾ ਪੱਛਮੀ, ਸੰਦੀਪ ਕੁਮਾਰ ਜਨਰਲ ਸੈਕਰਟਰੀ ਕਾਂਗਰਸ ਹਲਕਾ ਪੱਛਮੀ, ਅਮਿਤ ਸ਼ਰਮਾ ਪ੍ਰਧਾਨ ਯੂਥ ਕਾਂਗਰਸ ਵਾਰਡ ਨੰਬਰ 79 ਵੱਖ ਵੱਖ ਪੌਦਿਆਂ ਤੇ ਨਿਯੁਕਤੀ ਪੱਤਰ ਦੇ ਕੇ ਨਿਵਾਜਿਆ। ਯੂਥ ਪ੍ਰਧਾਨ ਕਾਂਗਰਸ ਰਾਹੁਲ ਕੁਮਾਰ ਜੀ ਨੇ ਗੱਲ ਕਰਦਿਆਂ ਦੱਸਿਆ ਕਿ ਕਾਂਗਰਸ ਪਾਰਟੀ ਨੂੰ ਮਜਬੂਤ ਕਰਨ ਲਈ ਯੂਥ ਕਾਂਗਰਸ ਦੀ ਸਾਰੀ ਟੀਮ ਮਿਹਨਤ ਅਤੇ ਲਗਨ ਨਾਲ ਕੰਮ ਕਰੇਗੀ ਅਤੇ ਜੋ ਇਹਨਾਂ ਨੂੰ ਜਿੰਮੇਵਾਰੀਆਂ ਦਿੱਤੀਆਂ ਗਈਆਂ ਹਨ ਇਹ ਤਹਿ ਦਿਲ ਤੋਂ ਨਿਭਾਉਣਗੇ। ਇਸ ਮੌਕੇ ਮੌਜੂਦ ਸਾਬਕਾ ਮੰਤਰੀ ਡਾਕਟਰ ਰਾਜ ਕੁਮਾਰ ਵੇਰਕਾ, ਸਾਬਕਾ ਸੀਨੀਅਰ ਡਿਪਟੀ ਮੇਅਰ ਰਮਨ ਬਖਸ਼ੀ, ਸਾਬਕਾ ਕੌਂਸਲਰ ਸਤੀਸ਼ ਬੱਲੂ, ਰਵੀ ਮਿਸ਼ਰਾ ਬੁਲਾਰਾ ਪੰਜਾਬ ਯੂਥ ਕਾਂਗਰਸ, ਰਾਜਨ ਕਦ ਸਾਬਕਾ ਚੇਅਰਮੈਨ, ਸੋਨੂ ਜੰਡਿਆਲਾ ਪੰਜਾਬ ਚੇਅਰਮੈਨ ਓਬੀਸੀ ਸੈਲ, ਹਰਪਾਲ ਸਿੰਘ ਪ੍ਰਧਾਨ ਯੂਥ ਕਾਂਗਰਸ ਵਾਰਡ ਨੰਬਰ 21, ਹਰਮਨਪ੍ਰੀਤ ਸਿੰਘ ਸਿੱਧੂ, ਮਿਲਖਾ ਸਿੰਘ, ਸਰਦਾਰ ਲਾਲ ਸਿੰਘ ਪ੍ਰਧਾਨ, ਸਰਦਾਰ ਕਸ਼ਮੀਰ ਸਿੰਘ, ਮਾਸਟਰ ਪਿੰਟੂ ਬੇਦੀ, ਬੰਟੀ ਖਾਸਾ, ਮਨੀਸ਼ ਮਹਿਰਾ, ਸ਼ਿਵਮ, ਅਜੇ ਰਾਚਲ, ਕਰਨ ਪੰਡਿਤ, ਕਰਨਦੀਪ, ਪ੍ਰਭਜੋਤ ਸਿੰਘ, ਰਘੂ ਰਾਜਾ, ਹਰਪਾਲ ਸਿੰਘ ਆਦੀ ਯੂਥ ਆਗੂ ਮੌਜੂਦ ਸਨ।



## ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਨੂੰ ਸਮਰਪਿਤ

# 27 ਜੁਲਾਈ ਤੋਂ 29 ਜੁਲਾਈ ਤੱਕ ਹੋਣਗੇ ਧਾਰਮਿਕ ਸਮਾਗਮ

**ਫ਼ਿਰੋਜ਼ਪੁਰ, 22 ਜੁਲਾਈ (ਮਨੋਹਰ ਲਾਲ)** :— ਗੁਰਦੁਆਰਾ ਮਾਈ ਰਾਮ ਦੇਵੀ ਜੀ ਦੇ ਪ੍ਰਧਾਨ ਹਰਜੀਤ ਸਿੰਘ ਦੀ ਅਗਵਾਈ ਹੇਠ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਹੰਗਾਮੀ ਮੀਟਿੰਗ ਗੁਰਦੁਆਰਾ ਸਾਹਿਬ ਵਿਖੇ ਹੋਈ, ਜਿਸ ਦੀ ਅਗਵਾਈ ਗੁਰੂ ਘਰ ਦੇ ਸੇਵਕ ਲਾਲ ਸਿੰਘ ਪਾਪੜਾਂ ਵਾਲੇ, ਸੁੰਦਰ ਸਿੰਘ ਵੱਲੋਂ ਕੀਤੀ ਗਈ, ਜਦੋਂ ਕਿ ਮੀਟਿੰਗ ਵਿਚ ਬਾਬਾ ਅਜੀਤ ਸਿੰਘ ਜੀ ਦੇ ਜਥੇਦਾਰ ਭਾਈ ਕੁਲਵੰਤ ਸਿੰਘ ਲਾਂਗਰੀ ਜੱਥੇ ਨਾਲ ਗੁਰਦੁਆਰਾ ਮਾਈ ਰਾਮ ਦੇਵੀ ਹਾਜ਼ਰ ਹੋਏ। ਇਸ ਮੀਟਿੰਗ ਦੌਰਾਨ ਸ੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਮਨਾਉਣ ਬਾਰੇ ਵਿਚਾਰ ਕੀਤੀ ਗਈ ਅਤੇ ਅਵਤਾਰ ਗੁਰਪੁਰਬ 29 ਜੁਲਾਈ ਦਿਨ ਸੋਮਵਾਰ ਨੂੰ ਮਨਾਉਣ ਬਾਰੇ ਸਹਿਮਤੀ ਹੋਈ, ਜਿਸ ਦੇ ਸਬੰਧ ਵਿੱਚ 27 ਜੁਲਾਈ ਨੂੰ ਲਾਲ ਸਿੰਘ ਪਾਪੜਾਂ ਵਾਲੇ ਅਤੇ ਸਵਰਗੇ ਸਰਦਾਰ ਪ੍ਰੇਮ ਸਿੰਘ ਹਾਂਡਾ ਦੋਨਾਂ ਪਰਿਵਾਰਾਂ ਵੱਲੋਂ ਅਖੰਡ ਪਾਠ ਸਾਹਿਬ ਸਵੇਰੇ 10 ਵਜੇ ਆਰੰਭ ਕਰਵਾਏ ਜਾਣਗੇ, ਜਿਨ੍ਹਾਂ ਦੇ ਭੋਗ 29 ਜੁਲਾਈ ਦਿਨ ਸੋਮਵਾਰ ਪਾਏ ਜਾਣਗੇ। ਇਸੀ ਤਰ੍ਹਾਂ 29 ਜੁਲਾਈ ਦਿਨ ਸੋਮਵਾਰ ਨੂੰ ਭੋਗ ਸ੍ਰੀ ਅਖੰਡ ਪਾਠ ਸਾਹਿਬ ਸਾਢੇ 8 ਵਜੇ ਸਵੇਰੇ, ਕੀਰਤਨ ਭਾਈ ਅਵਤਾਰ ਸਿੰਘ ਫੌਜੀ ਸਾਢੇ 8 ਵਜੇ ਤੋਂ ਸਾਡੇ 9 ਵਜੇ ਤੱਕ ਉਪਰੰਤ ਕੀਰਤਨ ਬੀਬੀਆਂ ਦਾ ਜੱਥਾ ਸਾਢੇ ਨੌਂ ਤੋਂ ਸਾਢੇ ਦਸ ਵਜੇ ਤੱਕ ਅਤੇ ਕੀਰਤਨ ਭਾਈ ਰਾਜ ਸਿੰਘ ਵੱਟੂ ਵਾਲੇ 10:30 ਤੋਂ 12 ਵਜੇ ਤੱਕ ਉਪਰੰਤ ਅਰਦਾਸ ਤੋਂ ਬਾਅਦ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਗੁਰਦੁਆਰਾ ਕਮੇਟੀ ਦੇ ਆਗੂਆਂ ਨੇ ਇਲਾਕਾ ਨਿਵਾਸੀ ਸਾਰੀ ਸੰਗਤ ਨੂੰ ਬੇਨਤੀ ਕੀਤੀ ਕਿ ਤਨ ਮਨ ਧਨ ਨਾਲ ਸੇਵਾ ਕਰਕੇ ਗੁਰੂ ਘਰ ਹਾਜ਼ਰੀ ਭਰਕੇ ਗੁਰਬਾਣੀ ਸਰਵਣ ਕਰਕੇ ਆਪਣਾ ਜੀਵਨ ਸਫਲ ਕਰੋ ਜੀ।

ਇਹ ਜਾਣਕਾਰੀ ਸਾਂਝੀ ਕਰਦਿਆਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਅਤੇ ਹੈਡ ਗ੍ਰੰਥੀ ਭਾਈ ਅਵਤਾਰ ਸਿੰਘ ਫੌਜੀ ਨੇ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਮੀਟਿੰਗ ਦੌਰਾਨ ਪ੍ਰਧਾਨ ਹਰਜੀਤ ਸਿੰਘ, ਮੀਤ ਪ੍ਰਧਾਨ ਹਰਦੀਪ ਸਿੰਘ ਭੱਲਾ, ਸੀਨੀਅਰ ਮੀਤ ਪ੍ਰਧਾਨ ਪੁਸ਼ਿਵੰਦਰ ਸਿੰਘ ਪਾਪੜਾਂ ਵਾਲੇ, ਖਜਾਨਚੀ ਸਰਬਜੀਤ ਸਿੰਘ, ਸਕੱਤਰ ਬੀਬੀ ਜਸਵੰਤ ਕੌਰ, ਭਾਈ ਕੁਲਵੰਤ ਸਿੰਘ ਲਾਂਗਰੀ ਜੱਥਾ, ਨਰਿੰਦਰ ਪਾਲ, ਸਮਿਤ ਕੁਮਾਰ, ਕਮਲਜੀਤ ਸਿੰਘ ਵਾਲੀਆ, ਸਿਮਰਨਜੀਤ ਸਿੰਘ, ਰਵਿੰਦਰ ਸਿੰਘ, ਦਵਿੰਦਰ ਸਿੰਘ ਮਾਸਟਰ, ਨਿਤਿਸ਼ ਕੁਮਾਰ ਅਤੇ ਹੈਡ ਗ੍ਰੰਥੀ ਭਾਈ ਅਵਤਾਰ ਸਿੰਘ ਫੌਜੀ ਮੌਜੂਦ ਸਨ।




ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਪਿੰਡ ਲੱਡਾ ਦੇ ਸਰਕਾਰੀ ਸਕੂਲ 'ਚ ਫਲ, ਛਾਂਦਾਰ ਬੂਟੇ ਲਗਾਏ



**ਧੂਰੀ, (ਰਣਜੀਤ ਸਿੰਘ ਪੇਧਨੀ )**-ਪਿੰਡ ਲੱਡਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਛਾਂਦਾਰ ਅਤੇ ਫਲਦਾਰ ਬੂਟੇ ਲਾਏ ਗਏ। ਇਸ ਮੌਕੇ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਆਪ ਆਗੂ ਜਗਸੀਰ ਸਿੰਘ ਲੱਡਾ ਨੇ ਕਿਹਾ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਉਹਨਾਂ ਦੀ ਧਰਮ ਪਤਨੀ ਡਾਕਟਰ ਗੁਰਪ੍ਰੀਤ ਕੌਰ ਵੱਲੋਂ ਪੰਜਾਬ ਨੂੰ ਹਰਿਆ ਭਰਿਆ ਬਣਾਉਣ ਦੇ ਲਈ ਅਤੇ ਦੂਸਿਤ ਹੋ ਰਹੇ ਵਾਤਾਵਰਨ ਨੂੰ ਬਚਾਉਣ ਦੇ ਲਈ ਵੱਧ ਤੋਂ ਵੱਧ ਫਲਦਾਰ ਅਤੇ ਸ਼ਾਨਦਾਰ ਦਰਖਤ ਲਗਾਉਣ ਦੀ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਦੀ ਚਲਦਿਆਂ ਪਿੰਡ ਲੱਡਾ ਦੇ ਸਰਕਾਰੀ ਸਕੂਲ ਵਿਖੇ ਫਲਦਾਰ ਅਤੇ ਛਾਂਦਾਰ ਬੂਟੇ ਲਗਾਏ ਗਏ। ਉਨਾਂ ਕਿਹਾ ਕਿ ਵਾਤਾਵਰਣ ਦੂਸ਼ਿਤ ਹੋਣ ਤੋਂ ਰੋਕਣਾ ਮਨੁੱਖਤਾ ਨੂੰ ਬਚਾਉਣ ਦੇ ਸਮਾਨ ਹੈ ਅਤੇ ਆਉਣ ਵਾਲੀਆਂ ਨਸਲਾਂ ਨੂੰ ਬਚਾਉਣ ਖਾਤਰ ਵੱਧ ਤੋਂ ਵੱਧ ਬੂਟੇ ਲਾਉਣ ਅਤੇ ਇਸ ਲਈ ਇਕ ਲੋਕ ਲਹਿਰ ਖੜੀ ਕਰਨ ਦੀ ਅਪੀਲ ਵੀ ਕੀਤੀ।

# ਗੋਬਿੰਦ ਸਿੰਘ ਲੋਗੋਂਵਾਲ ਨੇ ਪ੍ਰਦੇਸੀ ਪਰਿਵਾਰ ਨਾਲ ਕੀਤਾ ਦੁੱਖ ਸਾਂਝਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੋਗੋਵਾਲ ਨੇ ਰਣਧੀਰ ਸਿੰਘ ਪ੍ਰਦੇਸੀ ਦੀ ਮਾਤਾ ਅਮ੍ਰਿਤ ਕੌਰ ਦੀ ਬੇਵਕਤੀ ਮੌਤ ਤੇ ਪ੍ਰਦੇਸੀ ਪਰਿਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਪੰਜਾਬ ਦੇ ਭਾਈ ਲੋਗੋਂਵਾਲ ਨੇ ਕਿਹਾ ਕਿ ਮਾਤਾ ਅੰਮ੍ਰਿਤ ਕੌਰ ਦੀ ਬੇਵਕਤੀ ਮੌਤ ਨਾਲ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਇਸ ਦੁੱਖ ਦੀ ਘੜੀ ਵਿੱਚ ਪਾਰਟੀ ਵੀ ਉਹਨਾਂ ਨਾਲ ਖੜੀ ਹੈ। ਇਸ ਮੌਕੇ ਸੀਨੀਅਰ ਅਕਾਲੀ ਆਗੂ ਪਰਮਜੀਤ ਪੰਮਾ ਬਾਠ, ਸੁਖਪਾਲ ਸ਼ਰਮਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਧੂਰੀ, ਆੜਤੀਆਂ ਸਮੀਰ ਕੁਮਾਰ ਸੰਮੀ, ਬੇਅੰਤ ਸਿੰਘ ਜਹਾਂਗੀਰ, ਪ੍ਰੋ ਸੋਹਣਦੀਪ ਸਿੰਘ ਜੁਗਨੂੰ ਸ਼ਰਮਾ, ਅਮਰਿੰਦਰ ਸਿੰਘ ਸੋਢੀ ਹਾਜ਼ਰ ਸਨ।

# ਅੱਖਾਂ ਦਾ ਵਿਸ਼ਾਲ ਮੁਫਤ ਚੈਕਅੱਪ ਅਤੇ ਆਪ੍ਰੇਸ਼ਨ ਕੈਂਪ 29 ਨੂੰ: ਜੱਜ



**ਧੂਰੀ ( ਰਣਜੀਤ ਸਿੰਘ ਪੇਧਨੀ )**-ਅੱਖਾਂ ਦਾ ਵਿਸ਼ਾਲ ਮੁਫਤ ਚੈਕਅੱਪ ਅਤੇ ਆਪ੍ਰੇਸ਼ਨ ਕੈਂਪ 29 ਜੁਲਾਈ ਦਿਨ ਸੋਮਵਾਰ ਨੂੰ ਸੈਫਰਨ ਪਾਮਜ਼, ਸੰਗਰੂਰ ਰੋਡ, ਲੱਡਾ ਲਗਾਇਆ ਜਾ ਰਿਹਾ ਹੈ। ਜਿਸ ਵਿੱਚ ਉੱਘੇ ਸਮਾਜ ਸੇਵੀ ਸੁਰਿੰਦਰ ਸਿੰਘ ਨਿੱਝਰ ਅਤੇ ਕੈਂਪ ਦਾ ਉਦਘਾਟਨ ਫ਼ਿਲਮੀ ਅਦਾਕਾਰ ਸ਼ਿਲਪਾ ਸ਼ੈਟੀ ਵਿਸ਼ੇਸ਼ ਤੌਰ 'ਤੇ ਪਹੁੰਚ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਦਸ਼ਮੇਸ਼ ਸਪੋਰਟ ਐਂਡ ਵੈੱਲਫ਼ੇਅਰ ਦੇ ਪ੍ਰਧਾਨ ਜਸਵੀਰ ਸਿੰਘ ਜੱਜ ਨੇ ਕੀਤਾ। ਉਹਨਾਂ ਕਿਹਾ ਕਿ ਇਸ ਕੈਂਪ ਵਿਚ ਗਰੀਬ ਹੁਨਰਮੰਦ ਲੜਕੀਆਂ ਨੂੰ ਸਿਲਾਈ ਮਸ਼ੀਨਾਂ ਵੀ ਵੰਡੀਆਂ ਜਾਣਗੀਆਂ, ਉਥੇ ਇਸ ਕੈਂਪ ਵਿੱਚ ਚਿੱਟੇ ਅਤੇ ਕਾਲੇ ਮੋਤੀਏ ਦਾ ਅਪਰੇਸ਼ਨ ਵਿਧੀ ਦੁਆਰਾ ਮੁਫਤ ਸ਼ਰਮਾ ਆਈ ਹਸਪਤਾਲ ਧੂਰੀ ਦੇ ਮਾਹਿਰ ਡਾ. ਮਨਜੀਤ ਸਿੰਘ, ਡਾ. ਸਾਈਦੀਪ ਸਿੰਘ ਢੀਂਡਸਾਂ ਅਤੇ ਡਾ. ਰਮੇਸ਼ ਸ਼ਰਮਾ ਦੀ ਟੀਮ ਵੱਲੋਂ ਫਰੀ ਪਾਏ ਜਾਣਗੇ। ਉਨ੍ਹਾਂ ਕਿਹਾ ਕਿ ਸੁਰਿੰਦਰ ਸਿੰਘ ਨਿੱਝਰ ਵੱਲੋਂ ਇਸ ਤੋਂ ਪਹਿਲਾਂ ਧੂਰੀ ਹਲਕੇ ਦੇ ਗਰੀਬ ਲੋਕਾਂ ਦੀ ਸਮੱਸਿਆਵਾਂ ਨੂੰ ਵੇਖਦਿਆਂ ਹੋਇਆਂ ਸਿਵਲ ਹਸਪਤਾਲ ਧੂਰੀ ਵਿਖੇ ਅਲਟਰਾਸਾਊਂਡ ਮਸ਼ੀਨ ਦਾਨ ਵਿੱਚ ਕੇ ਮਾਨਵਤਾ ਦਾ ਕੰਮ ਕੀਤਾ ਹੈ।


ਬਾਲਾ ਪ੍ਰੀਤਮ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ
ਮਹਾਨ ਗੁਰਮਤਿ ਸਮਾਗਮ
ਗੁਰਦੁਆਰਾ ਸ੍ਰੀ ਪੰਜੋਖਰਾ ਸਾਹਿਬ ਪਾ. ਅੱਠਵੀਂ ਅੰਬਾਲਾ
27 ਜੁਲਾਈ 2024 ਦਿਨ ਸ਼ਨਿੱਚਰਵਾਰ ਅਰੰਭ ਸ੍ਰੀ ਅਖੰਡ ਪਾਠ ਸਾਹਿਬ ਸਵੇਰੇ 10 ਵਜੇ ਉਪਰੰਤ ਆਰੰਭਤਾ ਮਹਾਨ ਨਗਰ ਕੀਰਤਨ ਸਵੇਰੇ 10:30 ਵਜੇ
ਮਿਤੀ 28 ਜੁਲਾਈ 2024 ਐਤਵਾਰ ਦਿਨ ਤੇ ਰਾਤ ਢਾਡੀ, ਕਵੀਸ਼ਰੀ ਅਤੇ ਕੀਰਤਨੀਏ ਸੰਗਤਾਂ ਨੂੰ ਨਿਹਾਲ ਕਰਨਗੇ
ਰੈਣ ਸਬਾਈ ਕੀਰਤਨ:- ਸਮਾਂ ਰਾਤ 11 ਵਜੇ ਤੋਂ 2 ਵਜੇ ਤੱਕ ਹੋਵੇਗਾ।
ਮਿਤੀ 29 ਜੁਲਾਈ 2024 ਦਿਨ ਸੋਮਵਾਰ ਭੋਗ ਸ੍ਰੀ ਅਖੰਡ ਪਾਠ ਸਾਹਿਬ ਸਵੇਰੇ 9 ਵਜੇ ਉਪਰੰਤ 10 ਵਜੇ ਤੋਂ ਸ਼ਾਮ 4 ਵਜੇ ਤੱਕ ਧਾਰਮਿਕ ਦੀਵਾਨ ਸਜਣਗੇ
ਅੰਮ੍ਰਿਤ ਸੰਚਾਰ:- ਮਿਤੀ 29 ਜੁਲਾਈ 2024 ਦਿਨ ਸੋਮਵਾਰ ਸਵੇਰੇ 11 ਵਜੇ ਹੋਵੇਗਾ
(ਅੰਮ੍ਰਿਤ ਅਭਿਲਾਖੀ ਸਮੇਂ ਸਿਰ ਪਹੁੰਚ ਕੇ ਆਪਣਾ ਨਾਮ ਦਰਜ ਕਰਵਾਉਣ ਦੀ ਕ੍ਰਿਪਾਲਤਾ ਕਰਨ ਜੀ)
LIVE ON
ਬਾਲਾ ਪ੍ਰੀਤਮ TV
ਗਿਆਨੀ ਜਸਵੰਤ ਸਿੰਘ
(ਕਥਾਵਾਚਕ ਸ੍ਰੀ ਅੰਮ੍ਰਿਤਸਰ ਸਾਹਿਬ)
ਬੀਬੀ ਦਲੇਰ ਕੌਰ ਖਾਲਸਾ
(ਢਾਡੀ ਜੱਥਾ)
ਭਾਈ ਕਮਲਦੀਪ ਸਿੰਘ
ਭਾਈ ਅਰਵਿੰਦਰਜੀਤ ਸਿੰਘ
ਭਾਈ ਮੇਜਰ ਸਿੰਘ
ਢਾਡੀ ਜੱਥਾ, ਸੁਲਤਾਨਪੁਰ ਲੋਧੀ
(ਅਖੰਡ ਕੀਰਤਨੀ ਜੱਥਾ)
GURBANI
ਨੋਟ: ਕੋਈ ਵੀ ਸੱਜਣ ਸਟੇਜ ਸੈਕਟਰੀ ਦੀ ਆਗਿਆ ਤੋਂ ਬਿਨ੍ਹਾ ਬੋਲਣ ਦੀ ਖੇਚਲ ਨਾ ਕਰੇ।
ਰਾਤ ਦੀਪ-ਮਾਲਾ ਅਤੇ ਆਤਿਸ਼ਬਾਜੀ ਹੋਵੇਗੀ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ.ਸੁਦਰਸ਼ਨ ਸਿੰਘ ਅੰਬਾਲਾ
ਸੀਨੀਅਰ ਮੀਤ ਪ੍ਰਧਾਨ
ਸ.ਭੁਪਿੰਦਰ ਸਿੰਘ ਅੰਬਾਲਾ
ਮੈਂਬਰ
ਸ.ਤਰਵਿੰਦਰਪਾਲ ਸਿੰਘ ਅੰਬਾਲਾ
ਅੰਤ੍ਰਿੰਗ ਮੈਂਬਰ
ਭਾਈ ਬੂਟਾ ਸਿੰਘ
ਹੈਡ ਗ੍ਰੰਥੀ ਗੁ: ਸ੍ਰੀ ਪੰਜੋਖਰਾ ਸਾਹਿਬ
ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ,ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਪ੍ਰਧਾਨ ਅਤੇ ਸਮੂੰਹ ਮੈਂਬਰ ਸਾਹਿਬਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ: ਮੈਨੇਜਰ ਗੁ. ਸ੍ਰੀ ਪੰਜੋਖਰਾ ਸਾਹਿਬ ਪਾ.ਅੱਠਵੀਂ ਅੰਬਾਲਾ ਮੋ. 9991037375, 9728333218
HDFC BANK
HDFC BANK
BRANCH: PANJOKHRA, AMBALA

### ਸਟਰੀਮ ਲਾਈਨ ਵੈਲਫੇਅਰ ਸੋਸਾਇਟੀ ਫਿਰੋਜ਼ਪੁਰ ਵੱਲੋਂ

# ਕੁਸਟ ਆਸ਼ਰਮ ਨੂੰ ਦਿੱਤਾ ਫਰਨੀਚਰ



ਫ਼ਿਰੋਜ਼ਪੁਰ, 22 ਜੁਲਾਈ (ਮਨੋਹਰ ਲਾਲ):— ਸਮਾਜ ਸੇਵੀ ਸੰਸਥਾ ਸਟਰੀਮ ਲਾਈਨ ਵੈਲਫੇਅਰ ਸੋਸਾਇਟੀ ਫਿਰੋਜਪੁਰ ਨੇ ਦੀਵਾਨ ਚੰਦ ਸੁਖੀਜਾ ਚੇਅਰਮੈਨ, ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ, ਰਮੇਸ਼ ਬਜਾਜ ਸੀਨੀਅਰ ਮੀਤ ਪ੍ਰਧਾਨ, ਸਤੀਸ਼ ਵਧਵਾ ਅਤੇ ਰਾਮ ਕਿਸ਼ੋਰ ਕੋਆਰਡੀਨੇਟਰ ਦੀ ਦੇਖ—ਰੇਖ ਹੇਠ ਕੁਸ਼ਟ ਆਸ਼ਰਮ ਬਾਗੀ ਰੋਡ ਫਿਰੋਜ਼ਪੁਰ ਸ਼ਹਿਰ ਵਿਖੇ ਉਨ੍ਹਾਂ ਦੀ ਵਰਤੋਂ ਵਾਸਤੇ ਫਰਨੀਚਰ ਦਾਨ ਦਿਤਾ। ਇਥੇ ਇਹ ਵੀ ਦੱਸਣਯੋਗ ਹੈ ਕਿ ਇਸ ਕੁਸ਼ਟ ਆਸ਼ਰਮ ਵਿੱਚ 80 ਦੇ ਕਰੀਬ ਲੋਕ ਰਹਿ ਰਹੇ ਹਨ, ਉਥੋਂ ਦੀ ਪ੍ਰਬੰਧਕੀ ਕਮੇਟੀ ਨੇ ਸੁਸਾਇਟੀ ਦਾ ਇਸ ਨੇਕ ਕੰਮ ਕਰਨ ਲਈ ਧੰਨਵਾਦ ਕੀਤਾ ਤੇ ਸੁਸਾਇਟੀ ਮੈਂਬਰਾ ਨੇ ਯਕੀਨ ਦਵਾਇਆ ਕਿ ਭਵਿੱਖ ਵਿਚ ਵੀ ਲੋਕ ਭਲਾਈ ਦੇ ਕੰਮ ਜਾਰੀ ਰਹਿਣਗੇ।

### ਪੰਜਾਬ ਦੇ ਕਈ ਅਹਿਮ ਮਸਲਿਆਂ 'ਤੇ

# ਰਾਮਗੜ੍ਹੀਆ ਸੁਸਾਇਟੀ ਵੱਲੋਂ ਕੀਤਾ ਮੰਥਨ : ਮਨਜੀਤ ਸਿੰਘ



**ਫ਼ਿਰੋਜ਼ਪੁਰ, 22 ਜੁਲਾਈ (ਮਨੋਹਰ ਲਾਲ) :—** ਪੰਜਾਬ ਦੀ ਰਾਮਗੜ੍ਹੀਆ ਹਰਿਆਵਲ ਦਸਤੇ ਵਜੋਂ ਜਾਣੀ ਜਾਂਦੀ ਜਥੇਬੰਦੀ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲ. ਸੁਸਾ. ਰਜਿ ਪੰਜਾਬ ਭਾਰਤ ਵੱਲੋਂ ਕਈ ਮੁੱਦਿਆ ਨੂੰ ਵਿਚਾਰਨ ਲਈ ਹੰਗਾਮੀ ਮੀਟਿੰਗ ਸੱਦੀ ਗਈ। ਮੀਟਿੰਗ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮਨਜੀਤ ਸਿੰਘ ਔਲਖ ਪੰਜਾਬ ਪ੍ਰਧਾਨ ਨੇ ਦੱਸਿਆ ਕਿ ਮੀਟਿੰਗ ਵਿੱਚ ਪੰਜਾਬ ਦੇ ਕਈ ਮਸਲਿਆਂ ਤੇ ਵਿਚਾਰ ਚਰਚਾ ਕੀਤੀ, ਜਿਸ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆ ਰਹੀਆਂ ਅਗਾਮੀ ਚੋਣਾਂ ਦੇ ਮੁੱਦੇ ਤੇ ਵਿਚਾਰ ਚਰਚਾ ਕੀਤੀ ਅਤੇ ਕਿਹਾ ਕਿ ਸੰਗਤਾਂ ਨੂੰ ਵੱਧ ਤੋਂ ਵੱਧ ਵੋਟਾਂ ਬਣਾਉਣ ਲਈ ਜਾਗਰੂਕ ਕੀਤਾ ਜਾਵੇ ਤਾਂ ਕਿ ਆ ਰਹੀਆਂ ਚੋਣਾਂ ਵਿੱਚ ਸਾਫ਼ ਸੁਥਰੇ ਅਕਸ ਵਾਲੇ ਉਮੀਦਵਾਰਾਂ ਨੂੰ ਵੋਟਾਂ ਪਾ ਕੇ ਸਿੱਖ ਧਰਮ ਨੂੰ ਬਚਾਇਆ ਜਾ ਸਕੇ, ਹਰ ਸਾਲ ਦੀ ਤਰ੍ਹਾਂ ਵਾਤਾਵਰਨ ਨੂੰ ਬਚਾਉਣ ਲਈ ਪੌਦੇ ਲਾਉਣ ਲਈ ਵੀ ਚਰਚਾ ਕੀਤੀ ਗਈ ਅਤੇ ਛੇਤੀ ਹੀ ਪ੍ਰਸ਼ਾਸਨ ਨੂੰ ਮਿਲ ਕੇ ਮੁਹਿੰਮ ਸ਼ੁਰੂ ਕੀਤੀ ਜਾਵੇਗੀ। ਮੀਟਿੰਗ ਉਪਰੰਤ ਸੁਸਾਇਟੀ ਆਗੂ ਪ੍ਰਦੀਪ ਸਿੰਘ ਭੁੱਲਰ ਦੀ ਰਹਿਨੁਮਾਈ ਹੇਠ ਨਿਉਟਰਿਸਣ ਹੈਲਥ ਸੈਮੀਨਾਰ ਲਗਾਇਆ ਗਿਆ, ਜਿਸ ਵਿਚ ਹੈਲਥ ਕੋਚ ਤਜਿੰਦਰ ਸਿੰਘ, ਗੁਰਿੰਦਰ ਸਿੰਘ, ਮੈਡਮ ਸੁਖਬੀਰ ਕੌਰ ਨੇ ਫ੍ਰੀ ਚੈਕਅੱਪ ਕੀਤਾ ਅਤੇ ਬੋਲਦਿਆਂ ਕਿਹਾ ਅੱਜ ਜਿਸ ਤਰ੍ਹਾਂ ਹਰ ਵਿਅਕਤੀ ਤਣਾਅ ਪੂਰਨ ਜ਼ਿੰਦਗੀ ਦਾ ਹਿੱਸਾ ਬਣ ਚੁੱਕਿਆ ਹੈ, ਖਾਣ ਪੀਣ ਦਾ ਟਾਇਮ ਅਸੀਂ ਆਪਣਾ ਗਵਾ ਚੁੱਕੇ ਢਿੱਡ ਭਰਨ ਲਈ ਅਸੀਂ ਜ਼ਿਹਰ ਖਾ ਰਹੇ ਹਾਂ ਅਤੇ ਫਾਸਟ ਫੂਡ ਖਾਣੇ ਨਾਲ਼ ਨਾ ਮੁਰਾਦ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਨੂੰ ਅਪਣਾ ਰਹੇ ਹਾਂ, ਸਾਨੂੰ ਖਾਣ—ਪੀਣ ਵਿਚ ਸੁਧਾਰ ਕਰਨਾ ਚਾਹੀਦਾ ਹੈ ਅਤੇ ਹਰਬਲ ਨਿਉਟਰਿਸਣ ਦਵਾਈਆਂ ਨਾਲ ਬਿਮਾਰੀਆਂ ਨੂੰ ਜੜ੍ਹੋਂ ਖ਼ਤਮ ਕੀਤਾ ਜਾ ਸਕਦਾ ਹੈ। ਇਸ ਮੌਕੇ ਭਗਵਾਨ ਸਿੰਘ ਦੜਿਆਲਾ ਕੌਮੀ ਚੈਅਰਮੈਨ ਪੰਜਾਬ, ਹਰਭਜਨ ਸਿੰਘ ਦੜਿਆਲਾ ਜ਼ਿਲਾ ਪ੍ਰਧਾਨ ਫਿਰੋਜ਼ਪੁਰ, ਸੁਖਮਿੰਦਰ ਸਿੰਘ ਜੱਬਲ ਮੀਤ ਪ੍ਰਧਾਨ ਪੰਜਾਬ, ਸ਼ਮਸ਼ੇਰ ਸਿੰਘ ਕਲਸੀ ਸੂਬਾ ਮੀਤ ਪ੍ਰਧਾਨ ਪੰਜਾਬ, ਜਸਬੀਰ ਸਿੰਘ ਕਲਸੀ ਸੂਬਾ ਜਰਨਲ ਸਕਤਰ ਪੰਜਾਬ, ਸੁਰਜੀਤ ਸਿੰਘ ਦੜਿਆਲਾ ਸੀਨੀਅਰ ਆਗੂ ਪੰਜਾਬ, ਅੰਗਰੇਜ਼ ਸਿੰਘ ਫੌਜੀ ਵਾਇਸ ਚੇਅਰਮੈਨ ਪੰਜਾਬ, ਸੁਖਚੈਨ ਸਿੰਘ ਖਾਲਸਾ, ਗੁਰਨਾਮ ਸਿੰਘ, ਜਸਵਿੰਦਰ ਸਿੰਘ ਹੈਡਰੇ ਵਾਲੇ, ਨਰਿੰਜਣ ਸਿੰਘ ਸੱਗੂ, ਸੁਖਦੇਵ ਸਿੰਘ, ਰਣਜੀਤ ਸਿੰਘ ਮਾਸਟਰ, ਹਰਜਿੰਦਰ ਸਿੰਘ ਗਾਬੜੀਆ, ਮਹਿੰਦਰ ਸਿੰਘ ਆਦਿ ਆਗੂ ਹਾਜਰ ਸਨ।

# ਗੁਰਦੁਆਰਾ ਕਲਗੀਧਰ ਸਾਹਿਬ ਮੁਹੱਲਾ ਬਾਵਿਆਂ ਫ਼ਿਰੋਜ਼ਪੁਰ ਸ਼ਹਿਰ ਵਿਖੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਮਹਾਨ ਪ੍ਰਕਾਸ਼ ਗੁਰਪੁਰਬ 28 ਜੁਲਾਈ ਨੂੰ ਮਨਾਇਆ ਜਾਵੇਗਾ

ਫ਼ਿਰੋਜ਼ਪੁਰ, 22 ਜੁਲਾਈ (ਮਨੋਹਰ ਲਾਲ) :— ਗੁਰਦੁਆਰਾ ਕਲਗੀਧਰ ਸਾਹਿਬ ਮੁਹੱਲਾ ਬਾਵਿਆਂ ਫ਼ਿਰੋਜ਼ਪੁਰ ਸ਼ਹਿਰ ਵਿਖੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਮਹਾਨ ਪ੍ਰਕਾਸ਼ ਗੁਰਪੁਰਬ 28 ਜੁਲਾਈ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਹ ਜਾਣਕਾਰੀ ਸਵਰਨ ਸਿੰਘ ਨੇ ਸਾਂਝੀ ਕਰਦਿਆਂ ਦੱਸਿਆ ਕਿ ਇਸ ਮੌਕੇ ਤੇ 28 ਜੁਲਾਈ ਦਿਨ ਐਤਵਾਰ 2024 ਰਾਤ ਪਾਠ ਸ੍ਰੀ ਰਹਿਰਾਸ ਸਾਹਿਬ 7 ਵਜੇ ਰਾਤ, ਕੀਰਤਨ ਭਾਈ ਜ਼ਸਪ੍ਰੀਤ ਸਿੰਘ ਫ਼ਿਰੋਜ਼ਪੁਰ ਵਾਲੇ 7:30 ਵਜੇ, ਕੀਰਤਨ ਭਾਈ ਗੁਰਚਰਨ ਸਿੰਘ ਰਸੀਆ ਲੁਧਿਆਣਾ ਵਾਲੇ, 9:30 ਵਜੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਉਪਰੰਤ ਅਰਦਾਸ ਅਤੇ ਮੁੱਖ ਵਾਕ ਲਿਆ ਜਾਵੇਗਾ। ਇਸ ਮੌਕੇ ਤੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਸੇਵਾ ਸਵਰਗਵਾਸੀ ਗਿਆਨੀ ਕਰਤਾਰ ਸਿੰਘ ਬੇਦੀ, ਪਰਮਜੀਤ ਸਿੰ ਘਬੇਦੀ ਅਤੇ ਸਵਰਗਵਾਸੀ ਗੁਰਮੇਲ ਸਿੰਘ, ਬਲਜਿੰਦਰ ਸਿੰਘ ਕੋਆਪਰੇਟਿਵ ਬੈਂਕ ਵਾਲਿਆਂ ਵੱਲੋਂ ਹੋਵੇਗੀ। ਇਸ ਮੌਕੇ ਤੇ ਸਵਰਨ ਸਿੰਘ ਨੇ ਸਮੂਹ ਮੁਹੱਲਾ ਨਿਵਾਸੀਆਂ, ਫ਼ਿਰੋਜ਼ਪੁਰ ਸ਼ਹਿਰ ਨੂੰ ਅਪੀਲ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਜਾਵੇਗੀ।

# ਮਾਨ ਸਰਕਾਰ ਝੋਨੇ ਦੇ ਸੀਜ਼ਨ 'ਚ 8 ਘੰਟੇ ਨਿਰਵਿਘਨ ਬਿਜਲੀ ਦੇਣ 'ਚ ਹੋਈ ਬੁਰੀ ਤਰ੍ਹਾਂ ਫੇਲ : ਕਾਲਾ ਢਿੱਲੋਂ



**ਬਰਨਾਲਾ ( ਰਣਜੀਤ ਸਿੰਘ ਪੇਧਨੀ )**-ਝੋਨੇ ਦੇ ਸੀਜ਼ਨ ਵਿੱਚ ਕਿਸਾਨਾਂ ਨੂੰ 8 ਘੰਟੇ ਨਿਰਵਿਘਨ ਬਿਜਲੀ ਦੇਣ ਦੇ ਪੰਜਾਬ ਸਰਕਾਰ ਦੇ ਦਾਅਵੇ ਖੋਖਲੇ ਸਾਬਿਤ ਹੋ ਰਹੇ ਹਨ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਾਗਰਸ ਪਾਰਟੀ ਦੇ ਜਿਲ੍ਹਾ ਪ੍ਰਧਾਨ, ਬਰਨਾਲਾ ਵਿਧਾਨ ਸਭਾ ਤੋਂ ਕਾਂਗਰਸ ਪਾਰਟੀ ਦੇ ਪ੍ਰਮੁੱਖ ਉਮੀਦਵਾਰ, ਉਘੇ ਸਮਾਜ ਸੇਵੀ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਕੀਤਾ। ਉਨ੍ਹਾਂ ਕਿਹਾ ਕਿ ਬਿਜਲੀ ਵਿਭਾਗ ਸਮੁੱਚੇ ਇਲਾਕੇ ਵਿੱਚ ਕਿਸੇ ਵੀ ਫੀਡਰ ਤੋਂ ਲਗਾਤਾਰ 8 ਘੰਟੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਨਹੀਂ ਬਣਾ ਸਕਿਆ। ਕਿਸਾਨਾਂ ਨੂੰ ਨਿਰਧਾਰਿਤ 8 ਘੰਟੇ ਵਿੱਚ ਵੀ ਕੱਟ ਲਗਾ ਕੇ ਬਿਜਲੀ ਸਪਲਾਈ ਕੀਤੀ ਜਾਂਦੀ ਹੈ। ਜਿਸ ਕਾਰਨ ਮਜਬੂਰਨ ਕਿਸਾਨਾਂ ਨੂੰ ਮਹਿੰਗਾ ਡੀਜ਼ਲ ਫੂਕ ਕੇ ਪਾਣੀ ਪੂਰਾ ਕਰਨਾ ਪੈ ਰਿਹਾ ਹੈ। ਇਸ ਸੰਬੰਧੀ ਕਈ ਵਾਰ ਉੱਚ ਅਧਿਕਾਰੀਆਂ ਨਾਲ ਮੀਟਿੰਗਾਂ ਹੋ ਚੁੱਕੀਆਂ ਹਨ ਪਰ ਝੂਠੇ ਦਿਲਾਸਿਆਂ ਦੇ ਸਿਵਾਏ ਕਿਸਾਨਾਂ ਦੇ ਨਿਰਾਸ਼ਾ ਹੀ ਪੱਲੇ ਪਈ ਹੈ।

# ਮਾਨ ਸਰਕਾਰ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰ ਰਹੀ ਹੈ: ਗਿੱਲ, ਭੱਦਲਵੜ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਵਰਗੀ ਭਿਆਨਕ ਬਿਮਾਰੀ ਵਿੱਚੋਂ ਨੌਜਵਾਨਾਂ ਨੂੰ ਕੱਢਣ ਦੇ ਲਈ ਨੌਜਵਾਨਾਂ ਨੂੰ ਖੇਡਾਂ ਵੱਲ ਉਤਸਾਹਿਤ ਕਰਨ ਦੇ ਲਈ ਵਿਸੇਸ ਉਪਰਾਲੇ ਕੀਤੇ ਜਾ ਰਹੇ ਹਨ। ਉਹਨਾਂ ਵੱਲੋਂ ਆਪਣੇ ਹਲਕੇ ਧੂਰੀ ਦੇ ਵੱਖ-ਵੱਖ ਪਿੰਡਾਂ ਦੇ ਚੰਗਾ ਖੇਡਣ ਵਾਲੇ ਨੌਜਵਾਨਾਂ ਨੂੰ ਕ੍ਰਿਕਟ ਕਿੱਟਾਂ ਦੇ ਕੇ ਖੇਡਣ ਲਈ ਪ੍ਰੇਰਿਆ ਜਾ ਰਿਹਾ ਹੈ। ਇਸੇ ਹੀ ਤਹਿਤ ਪਿੰਡ ਭੱਦਲਵੜ ਦੇ ਨੌਜਵਾਨਾਂ ਖੇਡਣ ਦੇ ਲਈ ਕ੍ਰਿਕਟ ਕਿੱਟ ਭੇਟ ਕੀਤੀ ਗਈ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਬਲਾਕ ਪ੍ਰਧਾਨ ਤੀਰਥ ਸਿੰਘ ਗਿੱਲ ਭੱਦਲਵਾੜ ਅਤੇ ਆਪ ਆਗੂ ਅਮਨਦੀਪ ਸਿੰਘ ਭੱਦਲਵੜ ਨੇ ਕਿਹਾ ਕਿ ਅਸੀਂ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ, ਪ੍ਰੋਫੈਸਰ ਓਂਕਾਰ ਸਿੰਘ ਓਐਸਡੀ ਮੁੱਖ ਮੰਤਰੀ ਪੰਜਾਬ , ਦਫਤਰ ਇੰਚਾਰਜ ਅੰਮ੍ਰਿਤ ਬਰਾੜ , ਅਮੀਰ ਸਿੰਘ ਅਤੇ ਬਾਈ ਸਤਿਨਾਮ ਸਿੰਘ ਦਾ ਦਿਲ ਦੀਆਂ ਗਹਿਰਾਈਆਂ ਚੋਂ ਵਿਸ਼ੇਸ਼ ਧੰਨਵਾਦ ਕਰਦੇ ਹਾਂ ਜਿਨਾਂ ਨੇ ਸਾਡੇ ਪਿੰਡ ਦੇ ਨੌਜਵਾਨਾਂ ਦੀ ਛੋਟੀ ਜਿਹੀ ਮੰਗ ਨੂੰ ਪਹਿਲ ਦੇ ਅਧਾਰ ਤੇ ਪੂਰਾ ਕੀਤਾ ਹੈ।

# ਚੋਰਾਂ ਨੇ ਸੈਂਟਰੀ ਦੀ ਦੁਕਾਨ ਨੂੰ ਬਣਾਇਆ ਨਿਸ਼ਾਨਾ ਦੁਕਾਨ ਦਾ ਸ਼ਟਰ ਤੋੜ ਕੇ ਨਗਦੀ ਅਤੇ ਸਮਰਸੀਬਲ ਮੋਟਰਾਂ ਕੀਤੀਆਂ ਚੋਰੀ

### ਜੰਡਿਆਲਾ ਗੁਰੂ ਸ਼ਹਿਰ ਵਿੱਚ ਨਹੀਂ ਰੁਕ ਰਹੀਆਂ ਚੋਰੀਆਂ ਪੁਲਿਸ ਪ੍ਰਸ਼ਾਸਨ ਬੈਠਾ ਹੱਥ ਤੇ ਹੱਥ ਧਰ ਕੇ



**ਜੰਡਿਆਲਾ ਗੁਰੂ, 22 ਜੁਲਾਈ ( ਕੁਲਵੰਤ ਸਿੰਘ ਵਿਰਦੀ)**-ਗੱਲ ਕਰੀਏ ਤਾਂ ਜੰਡਿਆਲਾ ਗੁਰੂ ਸ਼ਹਿਰ ਦੀ ਜਿੱਥੇ ਆਏ ਦਿਨ ਚੋਰਾਂ ਵੱਲੋਂ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਜਾ ਰਿਹਾ ਹੈ ਉੱਥੇ ਹੀ ਗੱਲ ਕਰੀਏ ਤਾਂ ਜੰਡਿਆਲਾ ਗੁਰੂ ਸ਼ਹਿਰ ਸਰਾਂ ਰੋਡ ਤੇ ਜੈਨ ਹਸਪਤਾਲ ਹੈ ਅਤੇ ਇੱਥੇ ਦਿਨ ਰਾਤ 24 ਘੰਟੇ ਮਰੀਜ਼ਾਂ ਅਤੇ ਉਨ੍ਹਾਂ ਦੇ ਸਬੰਧੀਆਂ ਦਾ ਆਉਣਾ ਜਾਣਾ ਲੱਗਾ ਰਹਿੰਦਾ ਹੈ ਪਰ ਬੇਖੌਫ ਚੋਰਾਂ ਵੱਲੋਂ ਜੈਨ ਹਸਪਤਾਲ ਦੇ ਨਜ਼ਦੀਕ ਦਸ਼ਮੇਸ਼ ਪਾਈਪ ਸਟੋਰ ਨੂੰ ਬੀਤੀ ਰਾਤ ਨਿਸ਼ਾਨਾ ਬਣਾਇਆ ਗਿਆ ਹੈ ਇਸ ਬਾਰੇ ਅੱਜ ਸਵੇਰੇ 6 ਵਜੇ ਦੇ ਕਰੀਬ ਕਿਸੇ ਵਿਅਕਤੀ ਨੇ ਦੁਕਾਨਦਾਰ ਨੂੰ ਦੱਸਿਆ ਤੁਹਾਡੀ ਦੁਕਾਨ ਦਾ ਸ਼ਟਰ ਟੁੱਟਾ ਹੋਇਆ ਹੈ ਜਦੋ ਦੁਕਾਨ ਦੇ ਮਾਲਕ ਵੱਲੋਂ ਦੁਕਾਨ ਤੇ ਆ ਕੇ ਵੇਖਿਆ ਗਿਆ ਤਾਂ ਗੱਲੇ ਦੇ ਵਿੱਚ ਰੱਖੇ ਕਰੀਬ 20 ਤੋਂ 25000 ਰੁਪਏ ਨਕਦੀ, 2 ਟੂਲੂ ਪੰਪ, 2 ਸਮਰਸੀਬਲ ਮੋਟਰਾਂ ਗਾਇਬ ਸਨ ਦੁਕਾਨ ਦੇ ਅੰਦਰ ਲੱਗੇ ਸੀਸੀਟੀਵੀ ਦੀਆਂ ਤਾਰਾਂ ਚੋਰਾਂ ਵੱਲੋਂ ਪਹਿਲਾਂ ਹੀ ਕੱਟ ਦਿੱਤੀਆਂ ਸਨ । ਸਵੇਰੇ ਅੰਮ੍ਰਿਤਸਰ ਜਾਂਦੇ ਹੋਏ ਵਪਾਰੀਆਂ ਵੱਲੋਂ ਦੱਸਿਆ ਗਿਆ ਕਿ ਸਵੇਰੇ 4 ਵਜੇ ਤੇ ਕਰੀਬ ਇੱਕ ਸਵਿਫਟ ਗੱਡੀ ਜਿਸ ਦਾ ਰੰਗ ਚਿੱਟਾ ਸੀ ਅਤੇ ਇਸ ਦੁਕਾਨ ਤੋਂ ਥੋੜੀ ਜਿਹੀ ਪਿੱਛੇ ਖੜ੍ਹੀ ਹੋਈ ਸੀ । ਜਿਸਦੇ ਵਿੱਚ ਚਾਰ ਜਣੇ ਮੌਜੂਦ ਸਨ । ਇਸ ਘਟਨਾ ਸਬੰਧੀ ਦੁਕਾਨ ਦੇ ਮਾਲਕ ਵੱਲੋਂ ਪੁਲਿਸ ਨੂੰ ਲਿਖਤੀ ਸ਼ਿਕਾਇਤ ਦੇ ਦਿੱਤੀ ਗਈ ਹੈ । ਇਸ ਸਬੰਧੀ ਪੁਲਿਸ ਵੱਲੋਂ ਦੁਕਾਨ ਦਾ ਜਾਇਜ਼ਾ ਲਿਆ ਗਿਆ ਅਤੇ ਕਿਹਾ ਕਿ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਲੋਹ 'ਚ ਦਲ ਖ਼ਾਲਸਾ ਦੇ ਬਾਨੀ ਭਾਈ ਗਜਿੰਦਰ ਸਿੰਘ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ




# ਖਾਲਿਸਤਾਨ ਦੀ ਪ੍ਰਾਪਤੀ ਤੱਕ ਸੰਘਰਸ਼ ਦਾ ਐਲਾਨ

## ਖਾੜਕੂ ਜਥੇਬੰਦੀਆਂ ਵੱਲੋਂ ਜਲਾਵਤਨ ਆਗੂ ਨੂੰ ਸ਼ਰਧਾਂਜਲੀ


























**ਸਲੋਹ, 22 ਜੁਲਾਈ (ਸਰਬਜੀਤ ਸਿੰਘ ਬਨੂੜ)**-ਦਲ ਖਾਲਸਾ ਦੇ ਬਾਨੀ ਭਾਈ ਗਜਿੰਦਰ ਸਿੰਘ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਗੁਰਦਵਾਰਾ ਰਾਮਗੜੀਆ ਸਭਾ ਸਲੋਹ ਵਿੱਚ ਕੀਤੀ ਗਈ। ਅੰਤਿਮ ਅਰਦਾਸ ਸਮਾਗਮਾਂ ਵਿੱਚ ਯੂਰਪ, ਇੰਗਲੈਂਡ, ਕਨੇਡਾ, ਅਮਰੀਕਾ ਤੋਂ ਵੱਖ ਵੱਖ ਜਥੇਬੰਦੀਆਂ ਦੇ ਮੁਖੀਆਂ ਤੋਂ ਇਲਾਵਾ ਦਲ ਖਾਲਸਾ ਦੇ ਮੈਂਬਰਾਂ ਨੇ ਆਪਣੇ ਮਹਿਬੂਬ ਖਾਲਿਸਤਾਨ ਦੇ ਜਲਾਵਤਨ ਆਗੂ ਭਾਈ ਗਜਿੰਦਰ ਸਿੰਘ ਨੂੰ ਖਾਲਿਸਤਾਨ ਜ਼ਿੰਦਾਬਾਦ ਦੇ ਨਾਅਰਿਆਂ ਨਾਲ ਆਪਣੀ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਸਰਬੱਤ ਖਾਲਸਾ ਵੱਲੋਂ ਨਿਯੁਕਤ ਜਥੇਦਾਰ ਜਗਤਾਰ ਸਿੰਘ ਹਵਾਰਾ, ਬੱਬਰ ਖਾਲਸਾ ਦੇ ਮੁੱਖ ਸੇਵਾਦਾਰ ਭਾਈ ਵਧਾਵਾ ਸਿੰਘ ਬੱਬਰ, ਖਾਲਿਸਤਾਨ ਜ਼ਿੰਦਾਬਾਦ ਫੋਰਸ ਦੇ ਮੁੱਖ ਸੇਵਾਦਾਰ ਭਾਈ ਰਣਜੀਤ ਸਿੰਘ ਜੰਮੂ, ਬੂੜੈਲ ਜੇਲ ਵਿੱਚ ਬੰਦ ਖਾਲਿਸਤਾਨ ਟਾਈਗਰ ਫੋਰਸ ਦੇ ਮੁਖੀ ਭਾਈ ਜਗਤਾਰ ਸਿੰਘ ਤਾਰਾ, ਸਿੱਖ ਫੈਡਰੇਸਨ ਜਰਮਨੀ ਦੇ ਭਾਈ ਗੁਰਮੀਤ ਸਿੰਘ ਖਨਿਆਣ, ਵਰਲਡ ਸਿੱਖ ਪਾਰਲੀਮੈਂਟ ਜਰਮਨ ਦੇ ਆਗੂ ਭਾਈ ਗੁਰਚਰਨ ਸਿੰਘ ਗੁਰਾਇਆ ਵੱਲੋਂ ਭੇਜੇ ਸ਼ੋਕ ਸੰਦੇਸ ਸੰਗਤਾਂ ਨੂੰ ਪੜ ਕੇ ਸੁਣਾਏ ਗਏ। ਇਸ ਮੌਕੇ ਭਾਈ ਗਜਿੰਦਰ ਸਿੰਘ ਦੀ ਬੇਟੀ ਬਿਕਰਮਜੀਤ ਕੌਰ ਤੇ ਜਵਾਈ ਸ ਗੁਰਪ੍ਰੀਤ ਸਿੰਘ ਤੇ ਸਮੂਹ ਪਰਿਵਾਰ ਵੱਲੋਂ ਆਰੰਭ ਕਰਵਾਏ ਗਏ ਸਹਿਜ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ਼੍ਰੀ ਦਰਬਾਰ ਸਾਹਿਬ ਅੰਮਿਤਸਰ ਤੋਂ ਹਜ਼ੂਰੀ ਰਾਗੀ ਭਾਈ ਕਮਲਜੀਤ ਸਿੰਘ ਨੇ ਹਾਜ਼ਰੀ ਭਰੀ। ਸਭਾ ਦੇ ਹੈੱਡ ਗ੍ਰੰਥੀ ਭਾਈ ਜੱਗਮਿੱਠਾ ਸਿੰਘ ਵੱਲੋਂ ਅੰਤਿਮ ਅਰਦਾਸ ਕੀਤੀ ਗਈ ਅਤੇ ਭਾਈ ਗਜਿੰਦਰ ਸਿੰਘ ਦੀ ਦੋਹਤੀ ਅਵਨੀਤ ਕੌਰ, ਦੋਹਤਾ ਸੁਖਰਾਜ ਸਿੰਘ ਨੇ ਸਮਾਗਮ ਦੀ ਸੁਰੂਆਤ ਇਕ ਜਾਝਰੂ ਕਾਵਿਤਾ ਨਾਲ ਸ਼ੁਰੂ ਕਰ ਖਾਲਿਸਤਾਨ ਦੀ ਪ੍ਰਾਪਤੀ ਤੱਕ ਸੰਘਰਸ਼ ਜਾਰੀ ਰੱਖਣ ਦਾ ਐਲਾਨ ਕੀਤਾ ਗਿਆ। ਇਸ ਮੌਕੇ ਦਲ ਖਾਲਸਾ ਦੇ ਸਾਬਕਾ ਪ੍ਰਧਾਨ ਹਰਚਰਨ ਸਿੰਘ ਧਾਮੀ, ਦਲ ਖ਼ਾਲਸਾ ਦੇ ਆਗੂ ਸ ਰਣਜੀਤ ਸਿੰਘ ਰਾਣਾ, ਸਿੱਖ ਫੈਡਰੇਸਨ ਦੇ ਚੈਅਰਮੈਨ ਸ ਅਮਰੀਕ ਸਿੰਘ ਗਿੱਲ, ਸਿੱਖਸ ਫਾਰ ਜਸਟਿਸ ਦੇ ਸ ਗੁਰਪ੍ਰੀਤ ਸਿੰਘ , ਸ ਜਗਮੋਹਨ ਸਿੰਘ ਮੰਡ ਬੈਲਜੀਅਮ, ਸ ਹਰਵਿੰਦਰ ਸਿੰਘ ਭਤੇੜੀ, ਸਿੱਖ ਯੂਥ ਅਮਰੀਕਾ ਦੇ ਗੁਰਵਿੰਦਰਜੀਤ ਸਿੰਘ ਮਾਨਾ , ਬਸੰਤ ਕੌਰ, ਕੁਲਜੀਤ ਕੌਰ, ਸ ਗੁਰਚਰਨ ਸਿੰਘ, ਸਿੱਖ ਫੈਡਰੇਸਨ ਦੇ ਸੀਨੀਅਰ ਆਗੂ ਭਾਈ ਕੁਲਵੰਤ ਸਿੰਘ ਮੁਠੱਡਾ, ਮੁਸਲਿਮ ਆਗੂ ਨਜ਼ਰ ਲੋਧੀ, ਐਫ਼.ਐਸ ਓ ਵੱਲੋਂ ਸ ਹਰਵਿੰਦਰ ਸਿੰਘ, ਕੋਆਡੀਨੇਟਰ ਭਾਈ ਲਵਸਿੰਦਰ ਸਿੰਘ ਡੱਲੇਵਾਲ, ਸ ਗੁਰਜੀਤ ਸਿੰਘ ਸਮਰਾ, ਸ ਨਿਰਮਲ ਸਿੰਘ ਸੰਧੂ, ਉੱਘੇ ਵਕੀਲ ਸ ਅਮਰਜੀਤ ਸਿੰਘ ਭੱਚੂ, ਸ ਸੁਰਿੰਦਰ ਸਿੰਘ ਸੇਖੋਂ, ਸ ਰਛਪਾਲ ਸਿੰਘ, ਗੁਰਦਵਾਰਾ ਸ਼੍ਰੀ ਗੁਰੂ ਸਿੰਘ ਸਭਾ ਦੇ ਸੀਨੀਅਰ ਪ੍ਰਧਾਨ ਸ ਕੁਲਵੰਤ ਸਿੰਘ ਭਿੰਡਰ, ਸ ਜਸਪਾਲ ਸਿੰਘ ਚਾਹਲ, ਸ ਜਸਬੀਰ ਸਿੰਘ ਘੁੰਮਣ, ਸ ਗੁਰਮੀਤ ਸਿੰਘ ਤੱਗੜ, ਸ ਅੰਗਰੇਜ਼ ਸਿੰਘ, ਸ ਜੋਗਿੰਦਰ ਸਿੰਘ ਬੱਲ, ਸ ਅਮਰਜੀਤ ਸਿੰਘ ਢਿੱਲੋ, ਸ ਜਸਪਾਲ ਸਿੰਘ ਚਾਹਲ, ਸ ਬਲਵਿੰਦਰ ਸਿੰਘ ਢਿੱਲੋ ਨੇ ਵੀ ਜਲਾਵਤਨ ਆਗੂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਖਾਲਿਸਤਾਨ ਦੀ ਪ੍ਰਾਪਤੀ ਤੱਕ ਸੰਘਰਸ਼ ਦਾ ਐਲਾਨ ਕੀਤਾ ਗਿਆ। ਇਸ ਮੌਕੇ ਭਾਈ ਗਜਿੰਦਰ ਸਿੰਘ ਦੇ ਕੁੜਮ ਸ ਮੰਗਲ ਸਿੰਘ ਨੇ ਸਮੂਹ ਸੰਗਤਾਂ ਦਾ ਸਹਿਯੋਗ ਲਈ ਧੰਨਵਾਦ ਕੀਤਾ ਗਿਆ। ਗੁਰਦਵਾਰਾ ਰਾਮਗੜ੍ਹੀਆ ਸਭਾ ਦੇ ਮੁੱਖ ਸੇਵਾਦਾਰ ਸ ਪ੍ਰੀਤਮ ਸਿੰਘ ਜੰਡੂ ਵੱਲੋਂ ਭਾਈ ਗਜਿੰਦਰ ਸਿੰਘ ਦੀ ਬੇਟੀ, ਜਵਾਈ ਤੇ ਕੁੜਮ ਤੇ ਦਲ ਖਾਲਸਾ ਦੇ ਸਾਬਕਾ ਪ੍ਰਧਾਨ ਸ ਹਰਚਰਨ ਸਿੰਘ ਧਾਮੀ ਨੂੰ ਸਿਰੋਪਾ ਪਾ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਭਾਈ ਰਘਬੀਰ ਸਿੰਘ ਜੀ ਵੱਲੋਂ ਦਲ ਖਾਲਸਾ ਰਾਹੀ ਵਿਸ਼ੇਸ਼ ਤੌਰ ਤੇ ਭੇਜੇ ਸਿਰੋਪੇ ਨੂੰ ਸੰਗਤਾਂ ਦੀ ਹਾਜ਼ਰੀ ਵਿੱਚ ਵੱਖ ਵੱਖ ਜਥੇਬੰਦੀਆਂ ਵੱਲੋਂ ਪੰਥ ਦੀ ਧੀ ਬੀਬਾ ਬਿਕਰਮਜੀਤ ਕੌਰ ਨੂੰ ਪਾ ਸਨਮਾਨਿਤ ਕੀਤਾ ਗਿਆ। ਜਿਕਰਯੋਗ ਹੈ ਕਿ ਦਲ ਖਾਲਸਾ ਦੇ ਬਾਨੀ ਭਾਈ ਗਜਿੰਦਰ ਸਿੰਘ ਦਾ ਬੀਤੇ ਦਿਨੀਂ ਲਾਹੌਰ ਸ਼ਹਿਰ ਵਿੱਚ ਦਿਲ ਫ਼ੇਲ ਹੋਣ ਕਾਰਨ ਅਕਾਲ ਚਲਾਣਾ ਕਰ ਗਏ ਸਨ ਤੇ ਉਨ੍ਹਾਂ ਦਾ ਸੰਸਕਾਰ ਨਨਕਾਣਾ ਸਾਹਿਬ ਵਿਖੇ ਪਰਿਵਾਰ ਦੀ ਹਾਜ਼ਰੀ ਵਿੱਚ ਕੀਤਾ ਗਿਆ ਸੀ। 29 ਸਤੰਬਰ 1981 ਤੋਂ ਲੈ ਕੇ ਜੇਲ ਤੇ ਜਲਾਵਤਨੀ ਤੱਕ ਭਾਈ ਗਜਿੰਦਰ ਸਿੰਘ 43 ਸਾਲ ਪਾਕਿਸਤਾਨ ਵਿੱਚ ਰਹੇ ਤੇ ਉਨ੍ਹਾਂ ਦੀ ਅੰਤਿਮ ਅਰਦਾਸ ਇੰਗਲੈਂਡ ਦੇ ਸਲੋਹ ਸ਼ਹਿਰ ਵਿਖੇ ਕੀਤੀ ਗਈ। ਪਿਛਲੇ ਵਰ੍ਹੇ ਸ਼੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਭਾਈ ਗਜਿੰਦਰ ਸਿੰਘ ਨੂੰ "ਜਲਾਵਤਨ ਸਿੱਖ ਯੋਧਾ" ਦਾ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਸੀ। ਜਿਕਰਯੋਗ ਹੈ ਕਿ ਭਾਈ ਗਜਿੰਦਰ ਸਿੰਘ ਦੀ ਪਤਨੀ ਬੀਬੀ ਮਨਜੀਤ ਕੌਰ 2019 ਵਿੱਚ ਜਲਾਵਤਨੀ ਦੌਰਾਨ ਜਰਮਨ ਦੇ ਇੱਕ ਹਸਪਤਾਲ ਵਿੱਚ ਅਕਾਲ ਚਲਾਣਾ ਕਰ ਗਏ ਸਨ।

ਆਵਾਜ਼ਿ ਕੌਮ AWAZE QAUM International Newspaper & WEB TV



## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ

# ਪ੍ਰਬੰਧਕੀ ਸਟਾਫ਼ ਦੀ ਇੱਕ ਮੀਟਿੰਗ ਸੰਪੰਨ



**ਕਰਨਾਲ, 22 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਸਰਦਾਰ ਸੁਖਵਿੰਦਰ ਸਿੰਘ ਮੰਡੇਬਰ ਜਰਨਲ ਸਕੱਤਰ,ਸਰਦਾਰ ਬਲਦੇਵ ਸਿੰਘ ਖਾਲਸਾ ਅੰਤ੍ਰਿੰਗ ਮੈਂਬਰ,ਸਰਦਾਰ ਪਰਮਜੀਤ ਸਿੰਘ ਮਾਖਾ ਮੈਂਬਰ,ਸਲਾਹਕਾਰ ਸਰਦਾਰ ਗੁਰਵਿੰਦਰ ਸਿੰਘ ਕਰਨਾਲ ਵਲੋਂ ਅੱਜ ਪ੍ਰਬੰਧਕੀ ਸਟਾਫ਼ ਦੀ ਇੱਕ ਮੀਟਿੰਗ ਲਈ ਗਈ ਜਿਸ ਵਿੱਚ ਮੁੱਖ ਸਕੱਤਰ ਜਸਵਿੰਦਰ ਸਿੰਘ ਦੀਂਨਪੁਰ,ਸਕੱਤਰ ਧਰਮ ਪ੍ਰਚਾਰ ਸਰਬਜੀਤ ਸਿੰਘ ਜੰਮੂ,ਵਧੀਕ ਸਕੱਤਰ ਰਾਜਪਾਲ ਸਿੰਘ ਦੁਨੀਆਮਾਜਰਾ,ਵਧੀਕ ਸਕੱਤਰ ਸਤਪਾਲ ਸਿੰਘ ਡਾਚਰ,ਵਧੀਕ ਸਕੱਤਰ ਪਰਮਜੀਤ ਸਿੰਘ,ਵਧੀਕ ਸਕੱਤਰ ਕੁਲਦੀਪ ਸਿੰਘ ਭਾਣੋਖੇੜੀ,ਮੀਤ ਸਕੱਤਰ ਅਮਰਿੰਦਰ ਸਿੰਘ,ਮੀਤ ਸਕੱਤਰ ਰੁਪਿੰਦਰ ਸਿੰਘ,ਇੰਚਾਰਜ ਹਰਕੀਰਤ ਸਿੰਘ,ਸਰਦਾਰ ਬਲਜੀਤ ਸਿੰਘ ਪੀਏ ਪ੍ਰਧਾਨ ਨੇ ਗੁਰਦੁਆਰਾ ਸਾਹਿਬ ਅਤੇ ਹੋਰ ਅਦਾਰਿਆਂ ਦੇ ਪ੍ਰਬੰਧ ਨੂੰ ਸੁਚੱਜੇ ਰੂਪ ਵਿੱਚ ਚਲਾਉਣ ਲਈ ਮੀਟਿੰਗ ਕੀਤੀ

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਅਕਾਲ ਤਖ਼ਤ ਸਾਹਿਬ ਵਰਗੀ ਨਕਲੀ ਇਮਾਰਤ ਉਸਾਰਨੀ ਬਹੁਤ ਮੰਦਭਾਗਾ

**ਇੰਗਲੈਂਡ** ਦੀ ਧਰਤੀ ,ਵੈਸਟ ਲੰਡਨ ਦੇ ਹੇਜ ਸ਼ਹਿਰ ਵਿਚ ਸ੍ਰੀਅਕਾਲ ਤਖ਼ਤ ਦੀ ਨਕਲ ਤੇ ਹੂ ਬਹੂ ਇਮਾਰਤ ਉਸਾਰਨ ਦਾ ਮੰਦਭਾਗਾ ਮਸਲਾ ਸਾਹਮਣੇ ਆਇਆ ਹੈ ।ਇਸ ਤੋਂ ਜ਼ਿਆਦਾ ਮੰਦਭਾਗਾ ਇਹ ਵੀ ਹੈ ਇਸ ਤਰਾਂ ਦੀ ਕੁਤਾਹੀ , ਕੁਰਹਿਤ ਖੁਦ ਸਿਖ ਅਖਵਾਉਣ ਵਾਲੇ ਹੀ ਕਰ ਰਹੇ ਹਨ ।ਸਿੱਖ ਕੌਮ ਦਾ ਵਿਰਸਾ ਜੋ ਕੁਰਬਾਨੀਆਂ ਸ਼ਹਾਦਤਾਂ ਨਾਲ ਭਰਿਆ ਹੋਇਆ ਹੈ । ਇਸ ਦੇ ਸ਼ਹਾਦਤਾਂ ਨਾਲ ਸਬੰਧਤ ਇਤਿਹਾਸਿਕ ਗੁਰਦੁਆਰੇ, ਕੇਦਰਤ ਹਨ । ਇਸੇ ਤਰਾਂ ਸਿੱਖਾਂ ਦੇ ਤਖ਼ਤ ਸਾਹਿਬਾਨ ਐਸੇ ਕੇਂਦਰਤ ਧੁਰੇ ਹਨ । ਇਹਨਾਂ ਕੇਂਦਰਤ ਧੁਰਿਆਂ ਨਾਲ ਜੁੜਿਆ ਹਰ ਸਿੱਖ ਸੰਸਾਰ ਪੱਧਰ ਤੇ ਇੱਕ ਖ਼ਾਲਸਾ ਰੂਪ ਹੈ । ਗੁਰੂ ਇਤਿਹਾਸ ਕੇਂਦਰ ਅਤੇ ਸਿੱਖ ਇਤਿਹਾਸ ਕੇਂਦਰਾਂ ਦੀ ਹੂਬਹੂ ਨਕਲ ਕਰ ਕੇ ਕਿਧਰੇ ਕੋਈ ਈਮਾਰਾਤ ਬਣਾ ਕੇ ਉਸ ਨੂੰ ਤਖ਼ਤ ਦਾ ਰੂਪ ਦੇ ਦੇਣਾ ਇੱਕ ਕੋਝਾ ਕਦਮ ਹੈ ।ਜੋ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਦੀ ਪਰਬੂ ਸੱਤਾ ਅਤੇ ਮੀਰੀ ਪੀਰੀ ਦੇ ਕੇਂਦਰਤ ਸਥਾਨ ਨੂੰ ਸਿੱਧਾ ਚੈਲੰਜ ਹੈ ।ਹੇਜ ਇੱਕ ਸੰਤ ਦੇ ਡੇਰੇ ਵਿਖੇ ਅਜਿਹੀ ਹੀ ਅਕਾਲ ਤਖਤ ਦੀ ਨਕਲ ਦੀ ਹੂਬਹੂ ਇਮਾਰਤ ਬਣਾ ਕੇ ਉੱਥੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕਰਕੇ ਸਮਾਗਮ ਇਸੇ ਹਫ਼ਤੇ 18 ,19, 20 ਅਤੇ21ਜੁਲਾਈ 2024ਨੂੰ “ਬਾਲਾ ਪ੍ਰੀਤਮ 25 ਵਾਂ ਗੁਰਮਤ ਸਮਾਗਮ “ ਨਾਮ ਹੇਠ ਕੀਤਾ ਗਿਆ । ਇਸ ਸਮਾਗਮ ਵਿੱਚ ਪ੍ਰਚਾਰਕਾਂ ਦੇ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵੀ ਸ਼ਾਮਲ ਹੋਏ । ਉਹਨਾਂ ਨੇ ਵੀ ਆਪਣੇ ਕਥਾ ਵਿਚਾਰ ਉਸੇ ਨਕਲੀ ਢਾਂਚੇ ਦੀ ਬਣਤਰ ਦੀ ਸਟੇਜ ਤੇ ਦਿੱਤੇ । ਇਸ ਨੂੰ ਉਹਨਾਂ ਦੀ ਅਣਦੇਖੀ , ਅਨਗਹਿਲੀ ਜਾਂ ਕਰਹਿਤ ਕਹੀਏ ਜਾਂ ਕੀ ਕਹੀਏ ? ਇਸ ਤੇ ਉਹ ਉਤਰ ਦੇ ਸਕਦੇ ਹਨ । ਉਹਨਾਂ ਦਾ ਜੁਆਬ ਦੇਣਾ ਲਾਜ਼ਮੀ ਬਣ ਗਿਆ ਹੈ ਕਿ ਉਹ ਤਾਂ ਖੁਦ ਮੌਜੂਦਾ ਸਮੇਂ ਸ਼੍ਰੀ ਅਕਾਲ ਤਖ਼ਤ ਸਾਹਿਬ , ਅੰਮਿਰਤਸਰ ਦੇ ਜਥੇਦਾਰ ਹਨ । ਤੇ ਇਸ ਨਕਲੀ ਬਣਾਏ ਤਖਤ ਤੇ ਉਹ ਕਿਵੇਂ ਬਿਰਾਜਮਾਨ ਹੋ ਕੇ ਬੈਠ ਗਏ ।ਪੰਥ ਵਿਚ ਇਸ ਕਿਸਮ ਦੀ ਇਸ ਕੁਤਾਹੀ ਦਾ ਕੌਣ ਜੁੰਮੇਵਾਰ ਹੈ ? ਸਾਡੇ ਸਿੱਖਾਂ ਦੇ ਮੀਰੀ ਪੀਰੀ ਤੇ ਸਰਵ ਉੱਚ ਤਖਤ ਦੀ ਬਰਾਬਰਤਾ ਤੇ ਹੂਬਹੂ ਨਕਲ ਕਰਕੇ ਇਸ ਕਿਸਮ ਦਾ ਕੋਝਾਪਣ ਕਿਸ ਨੇ ਕੀਤਾ ਹੈ ?ਕੀ ਅਸੀਂ ਸੁਖ 1947 ਸਮੇਂ ਤੋਂ ਨਨਕਾਣਾ ਸਾਹਿਬ ਤੇ ਹੋਰ ਪਾਕਿਸਤਾਨ ਵਿਚ ਰਹਿ ਗਏ ,ਵਿੱਛੜੇ ਗੁਰਧਾਮਾ ਦੀ ਅਸੀ ਅਰਦਾਸ ਨਹੀ ਕਰ ਰਹੇ ਕਿ ਸਾਨੂੰ ਖੁਲੇ ਦਰਸ਼ਨ ਦੀਦਾਰ ਕਬੂਲ ਹੋਣ , ਸਤਗੁਰੂ ਬਖ਼ਿਸ਼ਸ਼ ਕਰਨ ? ਕੀ ਸਿੰਘ ਸਾਹਿਬ ਜਥੇਦਾਰ ਰਘਬੀਰ ਸਿੰਘ ਜੀ ਸਾਨੂੰ ਨਕਲੀ ਨਨਕਾਣਾਂ ਸਾਹਿਬ ਬਣਾਉਣ ਲਈ ਪ੍ਰੇਰਨਾ ਕਰ ਰਹੇ ਹਨ ?ਕਿ ਜਾਂ ਸਿੱਖ ਅਰਦਾਸ ਕਰਨੀ ਛੱਡ ਦੇਣ ਕਿ ਨਕਲੀ ਕੇਂਦਰ ਬਣਾ ਕੇ ਇਹਨਾਂ ਕੁਤਾਹੀਆਂ ਤੇ ਬੱਜਰ ਕੁਰਹਿਤਾਂ ਨੂੰ ਪੱਲੇ ਬੰਨ ਲੈਣ ? ਕੀ ਜਿਹੜਾ ਮਰਜ਼ੀ ਜਣਾ ਖਣਾਂ ਟੋਲਾ ਉਠ ਕੇ ਆਨੰਦ ਪੁਰ ਸਾਹਿਬ, ਦਮਦਮਾ ਸਾਹਿਬ , ਪਟਨਾ ਸਾਹਿਬ ,ਹਜ਼ੂਰ ਸਾਹਿਬ ਉਸਾਰੇਗਾ ? ਕੌਮ ਨਾਲ ਕੀਤੀ ਜਾ ਰਹੀ ਅਜਿਹੀ ਖਿਲਵਾੜ ਦਾ ਜਥੇਦਾਰ ਹੋਰੀਂ ਦੱਸਣ ਕਿ ਕੌਣ ਜੁਮੇਵਾਰ ਹੈ ? ਪੰਥ ਦੀ ਕਚਹਿਰੀ ਵਿਚ ਕਿਸ ਕਸੂਰਵਾਰ ਨੂੰ ਖੜਾ ਕੀਤਾ ਜਾਵੇ ? ਪੰਜਾਬ ਤੇ ਭਾਰਤ ਵਿੱਚ ਸੈਂਕੜੇ ਸਿੱਖ ਇਤਿਹਾਸਕ ਅਸਥਾਨ ਹਨ ਜੋ ਗੁਰੂ ਇਤਿਹਾਸ ਨਾਲ ਸਬੰਧਤ ਜਨਮ ਅਸਥਾਨ ਹਨ , ਸ਼ਹੀਦੀ ਅਸਥਾਨ ਅਤੇ ਬਹੁਤ ਐਸੇ ਹਨ ਜਿੱਥੇ ਚੱਪੇ ਚੱਪੇ ਤੇ ਸੈਂਕੜੇ , ਹਜ਼ਾਰਾਂ ਸਿਖਾਂ ਦਾ ਖ਼ੂਨ ਡੁੱਲਿਆ ਹੋਇਆ ਹੈ । ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਅੰਮ੍ਰਿਤਸਰ ਐਸੇ ਹੀ ਮਹਾਨ ਅਸਥਾਨ ਹਨ ।ਇੱਥੇ ਪਰਕਰਮਾ ਦੀ ਇਕ ਇਕ ਸਲੇਟ ਹੇਠਾਂ ਸੈਂਕੜੇ ਸਿਖਾਂ ਦੇ ਸਿਰ ਲੱਗੇ ਹਨ । ਤੁਸੀ ਤਖ਼ਤ ਦੀ ਨਕਲੀ ਈਮਾਰਤ ਤਾਂ ਬਣਵਾ ਲਈ ਜਾਂ ਉਸ ਵਿਚ ਸ਼ਾਮਲ ਹੋ ਗਏ ਪਰ ਸਿਰਾਂ ਦੀਆਂ ਕੁਰਬਾਨੀਆਂ ਕਿਥੋ ਲਿਆਓਗੇ ? ਕਲ ਨੂੰ ਨਨਕਾਣਾ ਸਾਹਿਬ ਦੀ ਨਕਲ ਕਰਦੇ ਨਨਕਾਣੇ ਦੀ (ਗੁਰੂ ਨਾਨਕ ਦੇਵ ਜੀ ਦੇ ਜਨਮ ਅਸਥਾਨ ਵਾਲੀ)ਪਵਿੱਤਰ ਧਰਤੀ ਦਾ ਟੁਕੜਾ ਕਿੱਥੋਂ ਪੈਦਾ ਕਰੋਗੇ ? ਸਤਿਗੁਰਾਂ ਦੇ ਜਨਮ ਅਸਥਾਨਾਂ, ਸ਼ਹੀਦੀ ਅਸਥਾਨਾਂ, ਸਿੱਖਾਂ ਦੇ ਤਖ਼ਤ ਸਾਹਿਬਾਨ , ਸਿਖ ਇਤਿਹਾਸ ਨਾਲ ਸਬੰਧਤ ਸ਼ਹੀਦੀ ਇਤਿਹਾਸਿਕ ਕੇਂਦਰਾਂ - ਇਸ ਬਾਰੇ ਕੋਈ ਨਕਲੀ ਇਮਾਰਤ ਖੜੀ ਕਰਨ ਦੀ ਕੋਸ਼ਿਸ਼ ਕਰੇਗਾ , ਉਹ ਸਿੱਖ ਪੰਥ ਦਾ ਦੁਸ਼ਮਣ ਹੋਵੇਗਾ। ਜੋ ਇੰਗਲੈਂਡ ਵਿੱਚ ਨਕਲੀ ਅਕਾਲ ਤਖ਼ਤ ਦੀ ਈਮਾਰਤ ਬਣਾਈ ਗਈ ਤੇ ਸਮਾਗਮ ਕੀਤਾ ਗਿਆ ਹੈ ।

ਸਿੱਖਾਂ ਦੇ ਤਖ਼ਤ ਸਾਹਿਬਾਨ , ਸਿੱਖ ਇਤਿਹਾਸ ਨਾਲ ਸਬੰਧਤ ਸ਼ਹੀਦੀ ਇਤਿਹਾਸਿਕ ਕੇਂਦਰਾਂ - ਇਹਨਾਂ ਬਾਰੇ ਕੋਈ ਹੂਬਹੂ ਨਕਲੀ ਇਮਾਰਤ ਖੜੀ ਕਰਨ ਦੀ ਕੋਸ਼ਿਸ਼ ਕਰਗਾ , ਉਹ ਸਿੱਖ ਪੰਥ ਦਾ ਦੁਸ਼ਮਣ ਹੋਵੇਗਾ ।ਮਾਨਯੋਗ ਜਥੇਦਾਰ ਸਾਹਿਬ ਜੀ ਨੇ ਇਸ ਸਥਿਤੀ ਵਿੱਚ ਸ਼ਾਮਲ ਹੋ ਕੇ ਅਜਿਹਾ ਹੀ ਘਿਣਾਉਣਾ ਰੋਲ ਨਿਭਾਇਆ ਹੈ । ਉਹਨਾਂ ਦਾ ਇਹ ਰੋਲ ਜਥੇਦਾਰ ਅਕਾਲ ਤਖ਼ਤ ਵਜੋਂ ਅਤੇ ਇਸ ਢੌਂਗ ਵਿੱਚ ਸ਼ਮੂਲੀਅਤ ਵਜੋ ਗੁਮਰਾਹ ਅਤੇ ਵਿਧਵਾਸ਼ਘਾਤੀ ਹੈ । ਉਹਨਾਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੀਰੀ ਪੀਰੀ ਤੇ ਪ੍ਰਭੂ ਸੱਤਾ ਸਿਧਾਂਤ ਨੂੰ ਪਿੱਠ ਦਿੱਤੀ ਹੈ ।ਉਹ ਇਹ ਉੱਚ ਆਹੁਦੇ ਅਤੇ ਜ਼ੁੰਮੇਵਾਰੀ ਦੇ ਕਾਬਿਲ ਨਹੀ ਹਨ । ਉਹਨਾਂ ਵੱਲੋਂ ਕੀਤੀ ਇਹ ਬਜਰ ਕੁਰਹਿਤ ਬਰਦਾਸ਼ਤ ਨਹੀ ਕੀਤੀ ਹਾਂ ਸ਼ਕਦੀ ।“ ਉਹਨਾਂ ਸਮਾਗਮ ਵਿੱਚ ਸ਼ਾਮਲ ਹੋ ਕੇ ਸਿਖ ਸਿਧਾਂਤ ਨਾਲੋ ਕਿਸੇ ਜਾਣ ਪਹਿਚਾਣ ਦੀ ਭਾਈਬੰਦੀ ਨਿਭਾਈ ਅਤੇ ਨਕਲੀ ਢੌਂਗ ਨੂੰ ਅਣਦੇਖਿਆ ਕੀਤਾ ਹੈ ।“ਨਾਨਕ ਦੁਨੀਆ ਕੈਸੀ ਹੋਈ ,ਸਾਲਕ ਮਿਤ ਨਾ ਰਹਿਓ ਕੋਈ “ ਭਾਈ ਬੰਦੀ ਹੇਤ ਚੁਕਾਇਆ , ਦੁਨੀਆ ਕਾਰਨ ਦੀ ਗਵਾਇਆ “ ।ਦੇ ਕਹੇ ਮਹਾਂਵਾਕ ਆਧਾਰ ਸਿਖ ਪੰਥ ਨਾਲ ਤੇ ਗੁਰ ਇਤਿਹਾਸ ਨਾਲ ਧ੍ਰੋਹ ਕੀਤਾ ਹੈ ।ਉਹ ਸਰਵ ਉੱਚ ਤਖ਼ਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਪਦਵੀ ਦੇ ਯੋਗ ਨਹੀ ਹਨ । ਉਹਨਾਂ ਨੂੰ ਇਸ ਪਦਵੀ ਤੋਂ ਹਟਾਇਆ ਜਾਣਾ ਜ਼ਰੂਰੀ ਹੈ । ••



ਪਰਮਿੰਦਰ ਸਿੰਘ ਬੱਲ
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ੴ ਵਾਹਿਗੁਰੂ ਜੀ ਕੀ ਫਤਹਿ ॥

ਪੰਜ ਤੀਰ ਹੋਰ ਤੂੰ ਗੁਰੂ ਤੋਂ ਮੰਗੇ, ਰੀਂਗੂ ਦੀ ਰੂਹ ਨੂੰ ਮਾਰਨ ਲਈ ।
ਅੱਜ ਪੰਥ ਇਕੱਠਾ ਹੋਇਆ ਹੈ, ਤੇਰੇ ਬੋਲਾਂ ਨੂੰ ਸਤਿਕਾਰਨ ਲਈ ।

# ਜਲਾਵਤਨ ਸਿੱਖ ਯੋਧੇ, ਦਲ ਖਾਲਸਾ ਦੇ ਬਾਨੀ, ਕੌਮੀ ਸ਼ਾਇਰ,

# ਭਾਈ ਗਜਿੰਦਰ ਸਿੰਘ ਜੀ ਦੀ ਯਾਦ ਵਿੱਚ

# ਗੁਰਦੁਆਰਾ ਬਾਬਾ ਸੰਗ ਜੀ ਸਮੈਦਿਕ ਵਿਖੇ

## 4 ਅਗਸਤ 2024 ਦਿਨ ਐਤਵਾਰ ਨੂੰ ਸ਼ਰਧਾਂਜਲੀ ਸਮਾਗਮ

ਵੀਹਵੀਂ ਸਦੀ ਦੇ ਮਹਾਨ ਗੁਰਸਿੱਖ, ਸੰਤ ਬਾਬਾ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਰਿਹਾਈ ਲਈ 29 ਸਤੰਬਰ 1981 ਨੂੰ ਇੰਡੀਅਨ ਏਅਰ ਲਾਇਨਜ ਦਾ ਹਵਾਈ ਜਹਾਜ਼ ਹਾਈਜੈਕ ਕਰਕੇ ਲਾਹੌਰ ਲਿਜਾਣ ਵਾਲੇ ਭਾਈ ਗਜਿੰਦਰ ਸਿੰਘ ਜੀ ਸਾਥੀਆਂ ਸਮੇਤ ਕਰੀਬ 14 ਸਾਲ ਪਾਕਿਸਤਾਨ ਦੀ ਕੋਟ ਲੱਖਪਤ ਜੇਲ੍ਹ ਵਿੱਚ ਨਜ਼ਰਬੰਦ ਰਹੇ ਅਤੇ ਉਸ ਤੋਂ ਬਾਅਦ ਅੰਤਮ ਸਵਾਸਾਂ ਤੱਕ ਪਾਕਿਸਤਾਨ ਵਿੱਚ ਹੀ ਜਲਾਵਤਨੀ ਦੀ ਜ਼ਿੰਦਗੀ ਬਿਤਾਈ ।

ਬਿਖੜੇ ਪੈਂਡਿਆਂ ਤੇ ਤੁਰਦਿਆਂ ਵੀ ਸਰਦਾਰ ਗਜਿੰਦਰ ਸਿੰਘ ਨੇ ਦ੍ਰਿੜਤਾ ਨਾਲ ਖਾਲਿਸਤਾਨ ਦੀ ਅਜ਼ਾਦੀ ਅਤੇ ਅਕਾਲ ਤਖਤ ਸਾਹਿਬ ਦੀ ਸਰਵਉੱਚਤਾ ਲਈ ਸਖਤ ਪਹਿਰਾ ਦਿੱਤਾ ।

ਬੀਤੀ 3 ਜੁਲਾਈ 2024 ਨੂੰ ਭਾਈ ਗਜਿੰਦਰ ਸਿੰਘ ਜੀ ਲਾਹੌਰ ਵਿਖੇ ਅਕਾਲ ਚਲਾਣਾ ਕਰ ਗਏ । ਉਨ੍ਹਾਂ ਦੀ ਅਦੁੱਤੀ ਪੰਥਕ ਦੇਣ ਨੂੰ ਯਾਦ ਕਰਦਿਆਂ ਸੰਸਾਰ ਭਰ ਵਿੱਚ ਪੰਥ ਦਰਦੀਆਂ ਵੱਲੋਂ ਸ਼ਰਧਾਂਜਲੀ ਸਮਾਗਮ ਕੀਤੇ ਜਾ ਰਹੇ ਹਨ । ਉਸੇ ਲੜੀ ਵਿੱਚ ਗੁਰਦੁਆਰਾ ਬਾਬਾ ਸੰਗ ਵਿਖੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ 4 ਅਗਸਤ 2024 ਦਿਨ ਐਤਵਾਰ ਨੂੰ ਵਿਸ਼ਾਲ ਸ਼ਰਧਾਂਜਲੀ ਸਮਾਗਮ ਕੀਤਾ ਜਾ ਰਿਹਾ ਹੈ । ਆਪ ਸਭ ਨੂੰ ਬੇਨਤੀ ਹੈ ਕਿ ਪੰਥਕ ਪਿਆਰ ਵਿੱਚ ਹੁੰਮ-ਹੁੰਮਾ ਕੇ ਪੁੱਜੋ ਅਤੇ ਪੰਥਕ ਏਕੇ ਦਾ ਸਬੂਤ ਦਿੰਦਿਆਂ ਸਤਿਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ ।



ਜਲਾਵਤਨ ਸਿੱਖ ਯੋਧਾ
ਭਾਈ ਗਜਿੰਦਰ ਸਿੰਘ ਦਲ ਖਾਲਸਾ

## ਪ੍ਰੋਗਰਾਮ

ਮਿਤੀ 2 ਅਗਸਤ 2024 ਦਿਨ ਸ਼ੁਕਰਵਾਰ ਸਵੇਰੇ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਅਤੇ ਮਿਤੀ 4 ਅਗਸਤ ਦਿਨ ਐਤਵਾਰ ਨੂੰ ਸ੍ਰੀ ਅਖੰਡ ਪਾਠ ਜੀ ਦੇ ਭੋਗ ਉਪਰੰਤ ਦੀਵਾਨ ਸਜੇਗਾ, ਜਿਸ ਵਿਚ ਉਚਕੋਟੀ ਦੇ ਰਾਗੀ ਜੱਥੇ, ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਨਾਮਵਰ ਪੰਥਕ ਬੁਲਾਰੇ ਪੰਥਕ ਵੀਚਾਰ ਸਾਂਝੇ ਕਰਨਗੇ ।

ਗੁਰਦੁਆਰਾ ਬਾਬਾ ਸੰਗ ਜੀ ਸਮੈਦਿਕ ਅਤੇ ਸੈਂਡਵਿਲ ਦੇ ਸਮੂਹ ਗੁਰਦੁਆਰਾ ਸਾਹਿਬ

**Gurdwara Baba Sang Ji Smethwick**

**7-9 St Paul's Road, Smethwick, B66 1EE**

ਵਧੇਰੇ ਜਾਣਕਾਰੀ ਲਈ ਸੰਪਰਕ :

**0121 558 2681 / 07930 908368 / 07452 765165**